**ਅਜ਼ਾਦੀ ਉਪਰੰਤ ਦਾ ਪੰਜਾਬ** : ਆਜ਼ਾਦੀ ਪ੍ਰਾਪਤੀ ਨਾਲ ਹੀ ਪੰਜਾਬ ਨੂੰ ਭਾਰੀ ਜਾਨੀ ਮਾਲੀ ਨੁਕਸਾਨ ਸਹਿਣਾ ਪਿਆ। ਲੱਖਾਂ ਲੋਕ ਮਾਰੇ ਗਏ ਅਤੇ ਬੇਘਰ ਹੋਏ, ਜ਼ਮੀਨ ਜਾਇਦਾਦ ਅਤੇ ਜਾਨ ਤੋਂ ਵੱਧ ਪਿਆਰੇ ਗੁਰਦੁਆਰੇ ਅਤੇ ਮੰਦਿਰ ਪਾਕਿਸਤਾਨ ਵਿੱਚ ਛੱਡ ਕੇ ਆਏ। '47 ਚ ਹੀ ਕਸ਼ਮੀਰ ਵਾਦੀ ਨੂੰ ਬਚਾਉਣ ਲਈ ਲੜੇ, 1962, 65, 71 ਅਤੇ 1999 ਵਿੱਚ ਕਾਰਗਿਲ ਦੀ ਲੜਾਈਆਂ ਵਿੱਚ ਵੀ ਪੰਜਾਬੀ ਅਤੇ ਸਿੱਖ ਫ਼ੌਜਾਂ ਯੁੱਧ ਦੇ ਮੈਦਾਨ ਵਿੱਚ ਹਮੇਸ਼ਾਂ ਮੂਹਰੇ ਰਹੀਆਂ। ਇਸ ਸਭ ਦੇ ਪਿੱਛੇ ਗੁਰੂ ਤੇਗ. ਬਹਾਦਰ ਸਾਹਿਬ ਦੀ ਤੇ ਗੁਰੂ ਅਰਜਨ ਦੇਵ ਜੀ ਸਮੇਤ ਅਨੇਕਾਂ ਸ਼ਹੀਦਾਂ ਦੀ ਪ੍ਰੇਰਨਾ ਅਤੇ ਚੇਤਨ ਅਵਚੇਤਨ ਕੰਮ ਕਰ ਰਹੀ ਸੀ।



-ਪ੍ਰੋ. ਸਰਚਾਂਦ ਸਿੰਘ ਖਿਆਲਾ,
9781355522

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I


awazeqaumtvpunjab@gmail.com

ਮੰਗਲਵਾਰ, 25 ਨਵੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੧੦ ਮੱਘਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਬਠਿੰਡਾ ਅਦਾਲਤ ਤੋਂ ਕੰਗਨਾ ਰਣੌਤ ਨੂੰ ਨਹੀਂ ਮਿਲੀ ਰਾਹਤ, ਅਦਾਲਤ ਨੇ ਮਾਣਹਾਨੀ ਮਾਮਲੇ 'ਚ ਚਾਰਜ ਕੀਤੇ ਫਰੇਮ

**ਬਠਿੰਡਾ, 24 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਹਿਮਾਚਲ ਪ੍ਰਦੇਸ਼ ਦੇ ਮੰਡੀ ਤੋਂ ਸੰਸਦ ਮੈਂਬਰ ਅਦਾਕਾਰਾ ਕੰਗਨਾ ਰਣੌਤ ਨੇ ਬਠਿੰਡਾ ਅਦਾਲਤ ਵਿੱਚ ਚੱਲ ਰਹੇ ਮਾਣਹਾਨੀ ਮਾਮਲੇ ਵਿੱਚ ਨਿੱਜੀ ਪੇਸ਼ੀ ਤੋਂ ਛੋਟ ਮੰਗੀ ਹੈ। ਉਨ੍ਹਾਂ ਦੇ ਵਕੀਲ ਹੁਣ 4 ਦਸੰਬਰ ਨੂੰ ਇਸ ਮਾਮਲੇ ਵਿੱਚ ਆਪਣਾ ਜਵਾਬ ਦਾਇਰ ਕਰਨਗੇ। ਕੰਗਨਾ ਦੇ ਵਕੀਲਾਂ ਨੇ 27 ਅਕਤੂਬਰ ਨੂੰ ਨਿੱਜੀ ਪੇਸ਼ੀ ਤੋਂ ਬਾਅਦ ਅਗਲੀਆਂ ਸੁਣਵਾਈਆਂ ਵਿੱਚ ਵੀਡੀਓ ਕਾਨਫਰੰਸਿੰਗ (ਵੀਸੀ) ਰਾਹੀਂ ਪੇਸ਼ ਹੋਣ ਦੀ ਇਜਾਜ਼ਤ ਮੰਗੀ ਸੀ। ਉਨ੍ਹਾਂ ਨੇ ਆਉਣ ਵਾਲੀਆਂ ਸੁਣਵਾਈਆਂ ਵਿੱਚ ਅਦਾਕਾਰਾ ਲਈ ਨਿੱਜੀ ਪੇਸ਼ੀ ਤੋਂ ਛੋਟ ਲਈ ਅਰਜ਼ੀ ਦਿੱਤੀ ਸੀ। ਅਦਾਲਤ ਨੇ ਸ਼ਿਕਾਇਤਕਰਤਾ ਦੇ ਵਕੀਲ ਨੂੰ ਇਸ ਅਰਜ਼ੀ ਦੀ ਇੱਕ ਕਾਪੀ ਦਿੱਤੀ, ਜਿਸਨੇ ਜਵਾਬ ਦਾਇਰ ਕਰਨ ਲਈ ਸਮਾਂ ਮੰਗਿਆ। ਇਸ ਤੋਂ ਬਾਅਦ ਅਦਾਲਤ ਨੇ ਸੁਣਵਾਈ 24 ਨਵੰਬਰ ਲਈ ਨਿਰਧਾਰਤ ਕੀਤੀ। ਇਹ ਘਟਨਾ 2021 ਦੀ ਹੈ, ਜੋ ਕਿ ਚੱਲ ਰਹੇ ਕਿਸਾਨਾਂ ਦੇ ਵਿਰੋਧ ਪ੍ਰਦਰਸ਼ਨ ਦੌਰਾਨ ਵਾਪਰੀ ਸੀ। ਕੰਗਨਾ ਰਣੌਤ ਨੇ ਬਠਿੰਡਾ ਦੇ ਬਹਾਦਰਗੜ੍ਹ ਜੰਡੀਆ ਪਿੰਡ ਦੀ 87 ਸਾਲਾ ਕਿਸਾਨ ਮਹਿੰਦਰ ਕੌਰ ਬਾਰੇ ਟਵੀਟ ਕੀਤਾ ਸੀ, ਜੋ ਕਿ ਇੱਕ ਔਰਤ ਸੀ ਜੋ ਵਿਰੋਧ ਪ੍ਰਦਰਸ਼ਨ ਵਿੱਚ ਹਿੱਸਾ ਲੈਣ ਲਈ 100 ਰੁਪਏ ਪ੍ਰਤੀ ਵਿਅਕਤੀ ਲੈ ਰਹੀ ਸੀ।



## ਸ੍ਰੀ ਅਨੰਦਪੁਰ ਸਾਹਿਬ 'ਚ ਵਿਸ਼ੇਸ਼ ਵਿਧਾਨ ਸਭਾ ਇਜਲਾਸ ਦੌਰਾਨ

# ਅਨੰਦਪੁਰ ਸਾਹਿਬ ਤੇ ਤਲਵੰਡੀ ਸਾਬੋ ਪਵਿੱਤਰ ਸ਼ਹਿਰ ਐਲਾਨੇ



**ਸ੍ਰੀ ਅਨੰਦਪੁਰ ਸਾਹਿਬ, 24 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਨੌਵੇਂ ਗੁਰੂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਤਾਬਦੀ ਸਮਾਰੋਹ ਨੂੰ ਸਮਰਪਿਤ ਪੰਜਾਬ ਵਿਧਾਨ ਸਭਾ ਦੇ ਵਿਸ਼ੇਸ਼ ਇਜਲਾਸ ਦੀ ਕਾਰਵਾਈ ਦੌਰਾਨ ਸੰਬੋਧਨ ਕਰਦਿਆਂ ਮੁੱਖ ਮੰਤਰੀ ਮਾਨ ਨੇ ਕਿਹਾ ਕਿ ਅੱਜ ਦਾ ਦਿਨ ਬੇਹੱਦ ਸੁਭਾਗਾ ਹੈ। ਉਨ੍ਹਾਂ ਨੇ ਵਿਰੋਧੀ ਧਿਰ ਵਲੋਂ ਹੰਗਾਮਾ ਕਰਨ ਨੂੰ ਗਲਤ ਆਖ਼ਿਦਆਂ ਕਿਹਾ ਕਿ ਅੱਜ ਰੌਲਾ ਪਾਉਣ ਵਾਲਾ ਜਾਂ ਸ਼ੋਰ ਮਚਾਉਣ ਵਾਲਾ ਦਿਨ ਨਹੀਂ, ਇਹ ਸਜਦਾ ਕਰਨ ਵਾਲਾ ਦਿਨ ਹੈ। ਇਸ ਮੌਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮਤਾ ਪੜ੍ਹਿਆ ਜਿਸ ਵਿੱਚ ਸ੍ਰੀ ਆਨੰਦਪੁਰ ਸਾਹਿਬ ਤੇ ਤਲਵੰਡੀ ਸਾਬੋ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਦੇਣ ਦੀ ਮੰਗ ਰੱਖੀ ਗਈ ਜਿਸ ਨੂੰ ਸਰਬਸੰਮਤੀ ਨਾਲ ਪਾਸ ਕਰ ਦਿੱਤਾ ਗਿਆ ਹੈ। ਇਸ ਮੌਕੇ ਸ੍ਰੀ ਦਰਬਾਰ ਸਾਹਿਬ ਦੇ ਗਲਿਆਰੇ ਨੂੰ ਵੀ ਪਵਿੱਤਰ ਐਲਾਨਿਆ ਗਿਆ ਹੈ। ਇਥੇ ਕੋਈ ਵੀ ਮੀਟ, ਸ਼ਰਾਬ, ਤਬਾਕੂ ਆਦਿ ਦੀ ਦੁਕਾਨ ਨਹੀਂ ਖੋਲ੍ਹੀ ਜਾ ਸਕੇਗੀ।ਮੁੱਖ ਮੰਤਰੀ ਨੇ ਕਿਹਾ ਕਿ ਭਾਵੇਂ ਅੰਮ੍ਰਿਤਸਰ ਸਾਹਿਬ ਦਾ ਗਲਿਆਰਾ ਪਹਿਲਾਂ ਹੀ ਪਵਿੱਤਰ ਹੈ ਪਰ ਅਜੇ ਤਕ ਕਿਸੇ ਵੀ ਸਰਕਾਰ ਵੱਲੋਂ ਇਸ ਨੂੰ ਵਿਧਾਨ ਸਭਾ ਵਿਚ ਪਵਿੱਤਰ ਨਹੀਂ ਐਲਾਨਿਆ ਗਿਆ ਸੀ। ਇਸ ਮੌਕੇ ਵਿਰੋਧੀ ਧਿਰ ਵੱਲੋਂ ਕੀਤੇ ਗਏ ਹੰਗਾਮੇ ਉੱਤੇ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਅੱਜ ਰੌਲਾ ਪਾਉਣ ਦਾ ਦਿਨ ਨਹੀਂ ਹੈ। ਕੁਝ ਲੋਕ ਅਜਿਹਾ ਕਰਨ ਦੀ ਕੋਸ਼ਿਸ਼ ਕਰਦੇ ਹਨ, ਪਰਮਾਤਮਾ ਉਨ੍ਹਾਂ ਨੂੰ ਬੁੱਧੀ ਦੇਵੇ। ਅੱਜ ਇਤਿਹਾਸ ਵਿੱਚ ਪਹਿਲੀ ਵਾਰ ਵਿਧਾਨ ਸਭਾ ਗੁਰੂ ਸਾਹਿਬ ਦੇ ਚਰਨਾਂ ਵਿੱਚ ਮੱਥਾ ਟੇਕਣ ਆਈ ਹੈ। ਅੱਜ ਸਾਰਿਆਂ ਨੇ ਆਪਣੇ-ਆਪਣੇ ਤਰੀਕੇ ਨਾਲ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੀ ਕੁਰਬਾਨੀ ਨੂੰ ਯਾਦ ਕੀਤਾ। ਇਸ ਮੌਕੇ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਅੱਜ ਇੱਕ ਇਤਿਹਾਸਕ ਫੈਸਲਾ ਲਿਆ ਗਿਆ ਹੈ ਕਿ ਸ਼੍ਰੀ ਆਨੰਦਪੁਰ ਸਾਹਿਬ, ਤਲਵੰਡੀ ਸਾਬੋ ਅਤੇ ਅੰਮ੍ਰਿਤਸਰ (ਸ੍ਰੀ ਦਰਬਾਰ ਸਾਹਿਬ ਦਾ ਗਲਿਆਰਾ) ਨੂੰ ਪਵਿੱਤਰ ਸ਼ਹਿਰਾਂ ਦਾ ਦਰਜਾ ਦਿੱਤਾ ਗਿਆ ਹੈ। ਤਿੰਨਾਂ ਸ਼ਹਿਰਾਂ ਦੀ ਸੈਨੀਟੇਸ਼ਨ ਪ੍ਰਣਾਲੀ ਦੀ ਸਫਾਈ ਲਈ ਵਿਸ਼ੇਸ਼ ਫੰਡਾਂ ਦਾ ਪ੍ਰਬੰਧ ਕੀਤਾ ਜਾਵੇਗਾ। ਜ਼ਿਕਰ ਕਰ ਦਈਏ ਕਿ ਸੋਮਵਾਰ ਨੂੰ ਪੰਜਾਬ ਵਿਧਾਨ ਸਭਾ ਦਾ ਇੱਕ ਵਿਸ਼ੇਸ਼ ਇਜਲਾਸ ਸ੍ਰੀ ਆਨੰਦਪੁਰ ਸਾਹਿਬ ਵਿੱਚ ਹੋਇਆ। ਇਤਿਹਾਸ ਵਿੱਚ ਪਹਿਲੀ ਵਾਰ ਇਹ ਇਜਲਾਸ ਚੰਡੀਗੜ੍ਹ ਤੋਂ ਬਾਹਰ ਹੋਇਆ। ਸ੍ਰੀ ਆਨੰਦਪੁਰ ਸਾਹਿਬ, ਤਲਵੰਡੀ ਸਾਬੋ ਅਤੇ ਅੰਮ੍ਰਿਤਸਰ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਦਿੱਤਾ ਗਿਆ।

## ਸ਼੍ਰੋਮਣੀ ਕਮੇਟੀ ਮਗਰੋਂ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਦੇ ਹੈੱਡ ਗ੍ਰੰਥੀ ਦਾ ਚੈਨਲ ਸਸਪੈਂਡ; ਚੈਨਲ 'ਤੇ ਪਾਏ ਜਾ ਰਹੇ ਕੰਟੈਂਟ 'ਤੇ ਯੂਟਿਊਬ ਨੇ ਜਤਾਇਆ ਇਤਰਾਜ



**ਅੰਮ੍ਰਿਤਸਰ, 24 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਯੂਟਿਊਬ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਯੂਟਿਊਬ ਚੈਨਲ ਬੰਦ ਕਰਨ ਤੋਂ ਬਾਅਦ ਹੁਣ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਦੇ ਹੈਡ ਗ੍ਰੰਥੀ ਭਾਈ ਸਾਹਿਬ ਭਾਈ ਹਰਪਾਲ ਸਿੰਘ ਦਾ ਯੂਟੀਊਬ ਚੈਨਲ ਵੀ ਬੰਦ ਕਰ ਦਿੱਤਾ ਗਿਆ ਹੈ। ਇਸ ਸਬੰਧੀ ਯੂਟਿਊਬ ਨੇ ਕਿਹਾ ਕਿ ਕੋਈ ਵੀ ਕੰਟੈਂਟ ਜੋ ਹਿੰਸਕ ਅੱਤਵਾਦੀ ਜਾਂ ਅਪਰਾਧਿਕ ਸੰਸਥਾਵਾਂ ਦੀ ਤਾਰੀਫ ਪ੍ਰਚਾਰ ਜਾਂ ਮਦਦ ਕਰਨ ਦੇ ਇਰਾਦੇ ਨਾਲ ਬਣਾਇਆ ਗਿਆ ਹੋਵੇ ਯੂਟੀਊਬ 'ਤੇ ਮਨਜ਼ੂਰ ਨਹੀਂ ਹੈ। ਯੂਟੀਊਬ ਵੱਲੋਂ ਆਪਣਾ ਹਵਾਲਾ ਦਿੰਦਿਆਂ ਕਿਹਾ ਗਿਆ ਕਿ ਅਸੀਂ ਸਮਝਦੇ ਹਾਂ ਕਿ ਤੁਹਾਡੀ ਵੀਡੀਓ ਸਾਡੀ VIOLENT CRIMINAL ORGANIZATIONS POLICY ਦੀ ਪਾਲਣਾ ਨਹੀਂ ਕਰਦੀ ਕੋਈ ਵੀ ਕੰਟੈਂਟ ਜੋ ਹਿੰਸਕ ਅੱਤਵਾਦੀ ਜਾਂ ਅਪਰਾਧਿਕ ਸੰਸਥਾਵਾਂ ਦੀ ਤਾਰੀਫ ਪ੍ਰਚਾਰ ਜਾਂ ਮਦਦ ਕਰਨ ਦੇ ਇਰਾਦੇ ਨਾਲ ਬਣਾਇਆ ਗਿਆ ਹੋਵੇ ਯੂਟੀਊਬ 'ਤੇ ਮਨਜ਼ੂਰ ਨਹੀਂ। ਉਧਰ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਦੇ ਹੈਡ ਗ੍ਰੰਥੀ ਭਾਈ ਹਰਪਾਲ ਸਿੰਘ ਨੇ ਇਸ ਨੂੰ ਆਪਣੇ ਫੇਸਬੁਕ ਪੇਜ ਤੇ ਸਾਂਝਾ ਕਰਦਿਆਂ ਕਿਹਾ ਕਿ "ਹੱਕਾਂ ਦੇ ਰਾਖੇ ਤੇ ਅਮਲ ਔਰੰਗਜ਼ੇਬ ਵਾਲੇ ਬਾਤਾਂ ਗੁਰੂ ਤੇਗ ਬਹਾਦਰ ਜੀ ਦੀਆਂ ਪਾਓ, ਸੱਚ ਦੀ ਆਵਾਜ਼ ਔਰਗਜੇਬ ਵਾਂਗ ਦਬਾਓ.....? ਹੱਕਾਂ ਦੇ ਰਾਖੇ ਮਨੁੱਖੀ ਭਾਵਨਾਵਾਂ ਦੇ ਕਦਰਦਾਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਕੁਰਬਾਨੀ ਨੂੰ ਕੀ ਮਹਿਜ ਵਰਤਿਆ ਜਾ ਰਿਹਾ ਹੈ, ਤੇ ਅਮਲ ਔਰੰਗਜ਼ੇਬ ਵਾਲੇ ...

## ਉਤਰਾਖੰਡ 'ਚ ਵੱਡਾ ਹਾਦਸਾ, 70 ਮੀਟਰ ਡੂੰਘੀ ਖੱਡ 'ਚ ਡਿੱਗੀ ਸਵਾਰੀਆਂ ਨਾਲ ਭਰੀ ਬੱਸ, 5 ਲੋਕਾਂ ਦੀ ਮੌਕੇ 'ਤੇ ਮੌਤ, 20 ਤੋਂ ਵੱਧ ਜ਼ਖ਼ਮੀ

**ਦੇਹਰਾਦੂਨ, 24 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਉਤਰਾਖੰਡ ਦੇ ਰਿਸ਼ੀਕੇਸ਼ ਨੇੜੇ ਟਿਹਰੀ ਜ਼ਿਲ੍ਹੇ ਦੇ ਕੁੰਜਾਪੁਰੀ ਵਿੱਚ ਇੱਕ ਬੱਸ ਹਾਦਸੇ ਦੀ ਖ਼ਬਰ ਸਾਹਮਣੇ ਆਈ ਹੈ। ਰਿਪੋਰਟਾਂ ਅਨੁਸਾਰ, ਕੁੰਜਾਪੁਰੀ ਮੰਦਰ ਦੇ ਨੇੜੇ ਇੱਕ ਬੱਸ ਖੱਡ ਵਿੱਚ ਡਿੱਗ ਗਈ, ਜਿਸ ਕਾਰਨ ਇਹ ਹਾਦਸਾ ਵਾਪਰਿਆ। ਹਾਦਸੇ 'ਚ ਕਈ ਲੋਕਾਂ ਦੀ ਮੌਤ ਹੋ ਗਈ ਹੈ ਅਤੇ 20 ਤੋਂ ਵੱਧ ਜ਼ਖਮੀ ਹੋ ਗਏ ਹਨ। ਜਾਣਕਾਰੀ ਅਨੁਸਾਰ, ਨਰਿੰਦਰਨਗਰ ਥਾਣਾ ਖੇਤਰ ਅਧੀਨ ਆਉਂਦੇ ਕੁੰਜਾਪੁਰੀ-ਹਿੰਡੋਲਾਖਲ ਨੇੜੇ ਇੱਕ ਬੱਸ 70 ਮੀਟਰ ਡੂੰਘੀ ਖੱਡ ਵਿੱਚ ਡਿੱਗ ਗਈ ਹੈ। ਅੰਦਾਜ਼ਾ ਲਗਾਇਆ ਜਾ ਰਿਹਾ ਹੈ ਕਿ ਇਸ ਵਿੱਚ 30 ਤੋਂ 35 ਲੋਕ ਸਵਾਰ ਸਨ।



ਘਟਨਾ ਦੀ ਜਾਣਕਾਰੀ ਮਿਲਣ 'ਤੇ, ਐਸਡੀਆਰਐਫ ਕਮਾਂਡਰ ਅਰਪਨ ਯਾਦਵ ਦੇ ਨਿਰਦੇਸ਼ਾਂ ਹੇਠ ਪੋਸਟ ਢਾਲਵਾਲਾ, ਪੋਸਟ ਕੋਟੀ ਕਲੋਨੀ ਅਤੇ ਐਸਡੀਆਰਐਫ ਬਟਾਲੀਅਨ ਹੈੱਡਕੁਆਰਟਰ ਤੋਂ ਪੰਜ ਐਸਡੀਆਰਐਫ ਟੀਮਾਂ ਨੂੰ ਤੁਰੰਤ ਘਟਨਾ ਸਥਾਨ 'ਤੇ ਭੇਜਿਆ ਗਿਆ। ਸ਼ੁਰੂਆਤੀ ਜਾਣਕਾਰੀ ਅਨੁਸਾਰ, ਬੱਸ ਵਿੱਚ 28 ਯਾਤਰੀ ਸਵਾਰ ਸਨ। ਮੌਕੇ 'ਤੇ ਪੰਜ ਲੋਕਾਂ ਦੀ ਮੌਤ ਦੀ ਪੁਸ਼ਟੀ ਹੋਈ ਹੈ। ਐਸਡੀਆਰਐਫ ਟੀਮ ਦੁਆਰਾ ਬਾਕੀ ਸਾਰੇ ਜ਼ਖ਼ਮੀਆਂ ਨੂੰ ਸੁਰੱਖਿਅਤ ਬਾਹਰ ਕੱਢ ਲਿਆ ਗਿਆ ਹੈ ਅਤੇ ਉਨ੍ਹਾਂ ਨੂੰ ਨੇੜਲੇ ਹਸਪਤਾਲ ਲਿਜਾਇਆ ਜਾ ਰਿਹਾ ਹੈ। ਟੀਮ ਦਾ ਬਚਾਅ ਅਤੇ ਖੋਜ ਕਾਰਜ ਜਾਰੀ ਹੈ। ਉੱਤਰਾਖੰਡ ਦੇ ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਨੇ ਕਿਹਾ, "ਟਿਹਰੀ ਦੇ ਨਰਿੰਦਰ ਨਗਰ ਵਿੱਚ ਕੁੰਜਾਪੁਰੀ ਮੰਦਰ ਨੇੜੇ ਬੱਸ ਹਾਦਸੇ ਦੀ ਖ਼ਬਰ ਬਹੁਤ ਹੀ ਦਿਲ ਦਹਿਲਾ ਦੇਣ ਵਾਲੀ ਹੈ। ਮੈਂ ਪ੍ਰਮਾਤਮਾ ਅੱਗੇ ਪ੍ਰਾਰਥਨਾ ਕਰਦਾ ਹਾਂ ਕਿ ਵਿਛੜੀਆਂ ਰੂਹਾਂ ਨੂੰ ਉਨ੍ਹਾਂ ਦੇ ਬ੍ਰਹਮ ਚਰਨਾਂ ਵਿੱਚ ਸਥਾਨ ਮਿਲੇ ਅਤੇ ਦੁਖੀ ਪਰਿਵਾਰਾਂ ਨੂੰ ਇਸ ਅਥਾਹ ਦੁੱਖ ਨੂੰ ਸਹਿਣ ਦੀ ਤਾਕਤ ਮਿਲੇ। ਜ਼ਿਲ੍ਹਾ ਪ੍ਰਸ਼ਾਸਨ ਅਤੇ ਐਸਡੀਆਰਐਫ ਵੱਲੋਂ ਹਾਦਸੇ ਵਿੱਚ ਜ਼ਖ਼ਮੀਆਂ ਨੂੰ ਨਜ਼ਦੀਕੀ ਹਸਪਤਾਲ ਭੇਜਿਆ ਜਾ ਰਿਹਾ ਹੈ, ਅਤੇ ਗੰਭੀਰ ਜ਼ਖਮੀਆਂ ਨੂੰ ਏਮਜ਼ ਰਿਸ਼ੀਕੇਸ਼ ਰੈਫਰ ਕਰ ਦਿੱਤਾ ਗਿਆ ਹੈ। ਇਸ ਸੰਬੰਧ ਵਿੱਚ, ਮੈਂ ਸਥਾਨਕ ਅਧਿਕਾਰੀਆਂ ਨਾਲ ਲਗਾਤਾਰ ਸੰਪਰਕ ਵਿੱਚ ਹਾਂ।"

## ਪੰਜ ਤੱਤਾਂ 'ਚ ਵਿਲੀਨ ਹੋਏ ਧਰਮਿੰਦਰ, ਕਾਹਲੀ 'ਚ ਕੀਤੇ ਸੰਸਕਾਰ 'ਤੇ ਫ਼ੈਨਜ਼ 'ਚ ਰੋਸ

**ਮੁੰਬਈ, 24 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਬਾਲੀਵੁੱਡ ਦੇ ਦਿੱਗਜ ਅਭਿਨੇਤਾ ਧਰਮਿੰਦਰ ਦਾ ਅੱਜ (24 ਨਵੰਬਰ) 89 ਸਾਲ ਦੀ ਉਮਰ ਵਿੱਚ ਦਿਹਾਂਤ ਹੋ ਗਿਆ। ਉਨ੍ਹਾਂ ਦੇ ਦਿਹਾਂਤ ਦੀ ਖ਼ਬਰ ਤੋਂ ਬਾਅਦ ਪੂਰਾ ਪਰਿਵਾਰ ਅਤੇ ਫਿਲਮ ਜਗਤ ਸੋਗ ਵਿੱਚ ਡੁੱਬਿਆ ਹੋਇਆ ਹੈ। ਧਰਮਿੰਦਰ ਦਾ ਅੰਤਿਮ ਸੰਸਕਾਰ ਮੁੰਬਈ ਦੇ ਵਿਲੇ ਪਾਰਲੇ ਸ਼ਮਸ਼ਾਨ ਘਾਟ ਵਿੱਚ ਕੀਤਾ ਗਿਆ। ਅੰਤਿਮ ਸੰਸਕਾਰ ਤੋਂ ਬਾਅਦ ਉਨ੍ਹਾਂ ਦੀ ਪਤਨੀ ਅਦਾਕਾਰਾ ਅਤੇ ਭਾਜਪਾ ਐਮ.ਪੀ. ਹੇਮਾ ਮਾਲਿਨੀ ਦੀ ਪਹਿਲੀ ਵੀਡੀਓ ਸਾਹਮਣੇ ਆਈ ਹੈ, ਜਿਸ ਵਿੱਚ ਉਹ ਬੇਹੱਦ ਭਾਵੁਕ ਨਜ਼ਰ ਆਈ। ਵੀਡੀਓ ਵਿੱਚ ਹੇਮਾ ਮਾਲਿਨੀ ਆਪਣੀ ਬੇਟੀ ਈਸ਼ਾ ਦਿਓਲ ਨਾਲ ਗੱਡੀ ਵਿੱਚ ਬੈਠੀ ਦਿਖਾਈ ਦਿੱਤੀ। ਧਰਮਿੰਦਰ ਦੇ ਜਾਣ ਦੇ ਗਮ ਵਿੱਚ ਡੁੱਬੀ ਹੇਮਾ ਮਾਲਿਨੀ ਰੋਂਦੇ ਹੋਏ ਮੀਡੀਆ ਦੇ ਸਾਹਮਣੇ ਹੱਥ ਜੋੜਦੀ ਨਜ਼ਰ ਆਈ। ਹੇਮਾ ਮਾਲਿਨੀ ਸ਼ਮਸ਼ਾਨ ਘਾਟ ਤੋਂ ਰਵਾਨਾ ਹੋਈ। ਦੱਸਣਯੋਗ ਹੈ ਕਿ ਧਰਮਿੰਦਰ ਕੁਝ ਦਿਨ ਪਹਿਲਾਂ ਸਾਹ ਲੈਣ ਵਿੱਚ ਦਿੱਕਤ ਹੋਣ ਕਾਰਨ ਹਸਪਤਾਲ ਵਿੱਚ ਦਾਖਲ ਸਨ। ਇਸ ਮਹੀਨੇ ਦੀ ਸ਼ੁਰੂਆਤ ਵਿੱਚ ਉਨ੍ਹਾਂ ਦੀ ਸਿਹਤ ਵਿਗੜਨ ਲੱਗੀ ਸੀ ਅਤੇ 10 ਨਵੰਬਰ 2025 ਨੂੰ ਉਨ੍ਹਾਂ ਨੂੰ ਵੈਂਟੀਲੇਟਰ ਸਪੋਰਟ 'ਤੇ ਰੱਖਿਆ ਗਿਆ ਸੀ। ਹਾਲਾਂਕਿ ਡਿਸਚਾਰਜ ਹੋਣ ਦੇ ਕੁਝ ਦਿਨਾਂ ਬਾਅਦ ਉਨ੍ਹਾਂ ਨੇ ਆਪਣੇ ਜੂਹੂ ਸਥਿਤ ਘਰ ਵਿੱਚ ਆਖਰੀ ਸਾਹ ਲਿਆ। ਧਰਮਿੰਦਰ ਦੇ ਦਿਹਾਂਤ ਤੋਂ ਬਾਅਦ ਸਾਰੇ ਪਰਿਵਾਰ ਅਤੇ ਸਿਤਾਰੇ ਲਗਾਤਾਰ ਸ਼ਰਧਾਂਜਲੀ ਦੇ ਰਹੇ ਹਨ।



ਇਸ ਦੌਰਾਨ ਉਨ੍ਹਾਂ ਦੇ ਫੈਨਜ਼ 'ਚ ਰੋਸ ਵੀ ਦੇਖਣ ਨੂੰ ਮਿਲਿਆ ਕਿ ਉਨ੍ਹਾਂ ਦੇ ਮਹਿਬੂਬ ਐਕਟਰ ਧਰਮਿੰਦਰ ਦਾ ਸੰਸਕਾਰ ਬਹੁਤ ਹੀ ਕਾਹਲੀ-ਕਾਹਲੀ 'ਚ ਕਰ ਦਿੱਤਾ ਗਿਆ। ਉਨ੍ਹਾਂ ਦਾ ਕਹਿਣਾ ਸੀ ਕਿ ਉਨ੍ਹਾਂ ਦੇ ਅੰਤਿਮ ਦਰਸ਼ਨ ਕਰਨ ਦੀ ਉਨ੍ਹਾਂ ਦੇ ਚਾਹੁਣ ਵਾਲਿਆਂ ਦੀ ਦਿਲੀ ਇੱਛਾ ਨੂੰ ਪੂਰਾ ਨਹੀਂ ਹੋਣ ਦਿੱਤਾ ਗਿਆ।

ਧਰਮਿੰਦਰ ਨੇ ਦੋ ਵਿਆਹ ਕਰਵਾਏ ਸਨ ਅਤੇ ਉਨ੍ਹਾਂ ਦੇ 6 ਬੱਚੇ ਅਤੇ 13 ਦੋਹਤੇ-ਪੋਤੇ ਹਨ। ਫਿਲਮੀ ਦੁਨੀਆ ਵਿੱਚ ਆਉਣ ਤੋਂ ਪਹਿਲਾਂ, ਧਰਮਿੰਦਰ ਨੇ 1954 ਵਿੱਚ, ਸਿਰਫ਼ 19 ਸਾਲ ਦੀ ਉਮਰ ਵਿੱਚ, ਪ੍ਰਕਾਸ਼ ਕੌਰ ਨਾਲ ਵਿਆਹ ਕਰਵਾਇਆ। ਪ੍ਰਕਾਸ਼ ਕੌਰ ਨੇ ਕਦੇ ਵੀ ਧਰਮਿੰਦਰ ਨੂੰ ਤਲਾਕ ਨਹੀਂ ਦਿੱਤਾ, ਅਤੇ ਨਾ ਹੀ ਧਰਮਿੰਦਰ ਨੇ ਉਨ੍ਹਾਂ ਤੋਂ ਤਲਾਕ ਮੰਗਿਆ। ਸੰਨੀ ਦਿਓਲ: ਉਨ੍ਹਾਂ ਦਾ ਵਿਆਹ ਪੂਜਾ ਦਿਓਲ ਨਾਲ ਹੋਇਆ ਹੈ। ਸੰਨੀ ਦਿਓਲ ਦੇ ਦੋ ਬੇਟੇ ਹਨ, ਕਰਨ ਦਿਓਲ ਅਤੇ ਰਾਜਵੀਰ ਦਿਓਲ। ਕਰਨ ਦਿਓਲ ਨੇ 2023 ਵਿੱਚ ਦ੍ਰਿਸ਼ਾ ਆਚਾਰੀਆ ਨਾਲ ਵਿਆਹ ਕੀਤਾ। ਬੌਬੀ ਦਿਓਲ: ਉਨ੍ਹਾਂ ਦਾ ਵਿਆਹ ਇੰਟੀਰੀਅਰ ਡਿਜ਼ਾਈਨਰ ਤਾਨਿਆ ਆਹੂਜਾ ਨਾਲ ਹੋਇਆ ਹੈ, ਅਤੇ ਉਨ੍ਹਾਂ ਦੇ ਦੋ ਬੇਟੇ ਹਨ, ਆਰਿਆਮਾਨ ਦਿਓਲ ਅਤੇ ਧਰਮ ਦਿਓਲ।

ਦੋ ਧੀਆਂ : ਧਰਮਿੰਦਰ ਦੇ 2 ਪੁੱਤ ਤੇ 2 ਧੀਆਂ ਵੀ ਹਨ। ਧੀਆਂ ਦੇ ਨਾਮ ਵਿਜੇਤਾ ਦਿਓਲ ਅਤੇ ਅਜੀਤਾ ਦਿਓਲ ਹਨ।

## ਜਸਟਿਸ ਸੂਰਿਆਕਾਂਤ ਨੇ ਚੁੱਕੀ ਸਹੁੰ, ਬਣੇ ਸੁਪਰੀਮ ਕੋਰਟ ਦੇ 53ਵੇਂ ਚੀਫ਼ ਜਸਟਿਸ

**ਨਵੀਂ ਦਿੱਲੀ, 24 ਨਵੰਬਰ (ਆਵਾਜ਼ਿ ਕੌਮ ਬਿਊਰੋ)**-ਜਸਟਿਸ ਸੂਰਿਆਕਾਂਤ ਭਾਰਤ ਦੇ ਨਵੇਂ ਚੀਫ਼ ਜਸਟਿਸ ਬਣ ਗਏ ਹਨ। ਸੋਮਵਾਰ ਯਾਨੀਕਿ 24 ਨਵੰਬਰ ਨੂੰ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਉਨ੍ਹਾਂ ਨੂੰ CJI ਪਦ ਦੀ ਸਹੁੰ ਚੁਕਵਾਈ। ਉਪਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨ, ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਰੱਖਿਆ ਮੰਤਰੀ ਰਾਜਨਾਥ ਸਿੰਘ, ਗ੍ਰਹਿ ਮੰਤਰੀ ਅਮਿਤ ਸ਼ਾਹ, ਲੋਕ ਸਭਾ ਸਪੀਕਰ ਓਮ ਬਿਰਲਾ, ਭਾਜਪਾ ਕੌਮੀ ਪ੍ਰਧਾਨ ਜੇ.ਪੀ. ਨੱਡਾ, ਸਾਬਕਾ ਰਾਸ਼ਟਰਪਤੀ ਰਾਮਨਾਥ ਕੋਵਿੰਦ ਅਤੇ ਸਾਬਕਾ ਉਪਰਾਸ਼ਟਰਪਤੀ ਜਗਦੀਪ ਧਨਖੜ ਦੀ ਮੌਜੂਦਗੀ ਵਿੱਚ ਉਨ੍ਹਾਂ ਨੇ CJI ਪਦ ਦੀ ਸਹੁੰ ਚੁੱਕੀ।ਜਸਟਿਸ ਭੂਸ਼ਣ ਰਾਮਕ੍ਰਿਸ਼ਨ ਗਵਈ ਦਾ CJI ਵਜੋਂ ਕਾਰਜਕਾਲ 23 ਨਵੰਬਰ, 2025 ਨੂੰ ਖਤਮ ਹੋ ਗਿਆ ਸੀ। ਉਹ ਸਾਢੇ ਛੇ ਮਹੀਨਿਆਂ ਲਈ ਇਸ ਪਦ 'ਤੇ ਰਹੇ। ਜਸਟਿਸ ਸੂਰਿਆਕਾਂਤ ਦਾ CJI ਵਜੋਂ ਕਾਰਜਕਾਲ ਲਗਭਗ ਡੇਢ ਸਾਲ ਹੋਵੇਗਾ। ਉਹ 9 ਫਰਵਰੀ, 2027 ਨੂੰ ਰਿਟਾਇਰ ਹੋਣਗੇ। ਇਸ ਸਮੇਂ ਉਮਰ 63 ਸਾਲ ਹੈ। ਸੀਜੇਈ ਸੂਰਿਆਕਾਂਤ ਦਾ ਜਨਮ 10 ਫਰਵਰੀ, 1962 ਨੂੰ ਹਰਿਆਣਾ ਦੇ ਹਿਸਾਰ ਵਿੱਚ ਹੋਇਆ ਸੀ। ਉਹ ਇੱਕ ਸਧਾਰਣ ਪਰਿਵਾਰ ਵਿੱਚ ਜੰਮੇ-ਪਲੇ ਅਤੇ ਵੱਡੇ ਹੋਏ। ਸਾਬਕਾ ਸੀਜੇਈ ਬੀ.ਆਰ. ਗਵਈ ਨੇ ਆਪਣੇ ਫੇਅਰਵੈਲ ਦੌਰਾਨ ਜਸਟਿਸ ਸੂਰਿਆਕਾਂਤ ਨਾਲ ਆਪਣੀ ਦੋਸਤੀ ਬਾਰੇ ਦੱਸਿਆ ਸੀ ਅਤੇ ਕਿਹਾ ਸੀ ਕਿ ਦੋਹਾਂ ਹੀ ਕਾਫ਼ੀ ਸਧਾਰਣ ਪਰਿਵਾਰਾਂ ਤੋਂ ਆਉਂਦੇ ਹਨ। ਜਸਟਿਸ ਗਵਈ ਨੇ ਦੱਸਿਆ ਕਿ ਸੀਜੇਈ ਸੂਰਿਆਕਾਂਤ ਨੇ ਹਿਸਾਰ ਦੇ ਸਰਕਾਰੀ ਸਕੂਲ ਵਿੱਚ ਪੜ੍ਹਾਈ ਕੀਤੀ ਅਤੇ ਉਹਨਾਂ ਨੇ ਮਿਹਰਾਵਤੀ, ਮਹਾਰਾਸ਼ਟਰ ਦੇ ਇੱਕ ਮਿਊਨਿਸਿਪਲ ਸਕੂਲ ਤੋਂ ਵੀ ਪੜ੍ਹਾਈ ਕੀਤੀ। ਸੀਜੇਈ ਸੂਰਿਆਕਾਂਤ ਨੇ 1981 ਵਿੱਚ ਹਿਸਾਰ ਦੇ ਗਵਰਨਮੈਂਟ ਪੋਸਟ ਗ੍ਰੈਜੂਏਟ ਕਾਲਜ ਤੋਂ ਗ੍ਰੈਜੂਏਸ਼ਨ ਕੀਤੀ ਅਤੇ ਫਿਰ 1984 ਵਿੱਚ ਕਾਨੂੰਨ ਵਿੱਚ ਬੈਚਲਰ ਡਿਗਰੀ ਲਈ। ਉਨ੍ਹਾਂ ਨੇ 1984 ਵਿੱਚ ਰੋਹਤਕ ਦੇ ਮਹਾਰਸ਼ੀ ਦਯਾਨੰਦ ਯੂਨੀਵਰਸਿਟੀ ਤੋਂ ਕਾਨੂੰਨ ਦੀ ਪੜ੍ਹਾਈ ਕੀਤੀ। ਇਸ ਤੋਂ ਬਾਅਦ, 1984 ਵਿੱਚ ਹੀ ਹਿਸਾਰ ਵਿੱਚ ਕਾਨੂੰਨੀ ਅਭਿਆਸ ਸ਼ੁਰੂ ਕੀਤਾ ਅਤੇ 1985 ਵਿੱਚ ਉਹ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਪ੍ਰੈਕਟਿਸ ਕਰਨ ਲੱਗੇ। ਸਾਲ 2000 ਵਿੱਚ ਉਹ ਹਰਿਆਣਾ ਦੇ ਸਭ ਤੋਂ ਨੌਜਵਾਨ ਐਡਵੋਕੇਟ ਜਨਰਲ ਬਣੇ। ਸਾਲ 2011 ਵਿੱਚ ਸੀਜੇਈ ਸੂਰਿਆਕਾਂਤ ਨੇ ਕੁਰੁਕਸ਼ੇਤਰ ਯੂਨੀਵਰਸਿਟੀ ਤੋਂ ਕਾਨੂੰਨ ਵਿੱਚ ਮਾਸਟਰਜ਼ ਕੀਤੇ, ਜਿਸਨੂੰ ਉਨ੍ਹਾਂ ਡਿਸਟਿੰਕਸ਼ਨ ਦੇ ਨਾਲ 'ਫਰਸਟ ਕਲਾਸ ਫਰਸਟ' ਰੈਂਕ ਨਾਲ ਪਾਸ ਕੀਤਾ। ਉਹ 2018 ਵਿੱਚ ਹਿਮਾਚਲ ਪ੍ਰਦੇਸ਼ ਹਾਈ ਕੋਰਟ ਦੇ ਚੀਫ਼ ਜਸਟਿਸ ਨਿਯੁਕਤ ਹੋਏ ਅਤੇ ਇਸ ਤੋਂ ਬਾਅਦ 2019 ਵਿੱਚ ਉਹ ਸੁਪਰੀਮ ਕੋਰਟ ਦੇ ਜੱਜ ਬਣਾਏ ਗਏ।



**ਸੱਦਾ ਪੱਤਰ**

# 8ਵੀਂ ਬਰਸੀ ਦੀ ਮਿੱਠੀ ਯਾਦ ਮੌਕੇ
## ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਦਾ ਭੋਗ 19 ਦਸੰਬਰ ਨੂੰ



ਸਵ. ਸ. ਪਿਆਰਾ ਸਿੰਘ ਜੀ ਪਹਿਲਵਾਨ

ਸਵਰਗੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਜੀ ਦੀ

**8ਵੀਂ ਬਰਸੀ ਤੇ ਮਿੱਠੀ ਯਾਦ ਮੌਕੇ**

ਪਰਿਵਾਰ ਵਲੋਂ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ ਅਰੰਭ ਸ੍ਰੀ ਅਖੰਡਪਾਠ ਸਾਹਿਬ 19 ਦਸੰਬਰ 2025 ਦਿਨ ਸ਼ੁੱਕਰਵਾਰ ਸਵੇਰੇ 10 ਵਜੇ ਅਤੇ ਭੋਗ ਸ੍ਰੀ ਅਖੰਡਪਾਠ ਸਾਹਿਬ 21 ਦਸੰਬਰ 2025 ਦਿਨ ਐਤਵਾਰ ਸਵੇਰੇ 10 ਵਜੇ ਪਾਏ ਜਾਣਗੇ

**ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਦੀ ਅਰਦਾਸ ਉਪਰੰਤ ਗੁਰਦੁਆਰਾ ਸਾਹਿਬ ਦਾ ਹਜ਼ੂਰੀ ਜਥਾ ਕੀਰਤਨ ਕਰੇਗਾ। ਸਿੱਖ ਪ੍ਰਚਾਰਕ ਬਾਬਾ ਬਘੇਲ ਸਿੰਘ ਜੀ ਗੁਰਬਾਣੀ ਕਥਾ ਦੁਆਰਾ ਨਿਹਾਲ ਕਰਨਗੇ। ਭਾਈ ਹਰਮੇਲ ਸਿੰਘ ਦਿਲਬਰ ਦਾ ਢਾਡੀ ਜੱਥਾ ਅਤੇ ਪੰਥਕ ਬੁਲਾਰੇ ਸੰਗਤਾਂ ਨੂੰ ਨਿਹਾਲ ਕਰਨਗੇ।**

ਗੁਰੂ ਪਿਆਰੀ ਸਾਧ ਸੰਗਤ ਜੀਓ,
ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ।।

ਸਾਡੇ ਬਹੁਤ ਹੀ ਸਤਿਕਾਰਯੋਗ ਪਿਤਾ ਜੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਅਕਾਲ ਪੁਰਖ ਵਲੋਂ ਬਖਸੀ ਹੋਈ ਸਵਾਸਾਂ ਦੀ ਪੂੰਜੀ ਨੂੰ ਭੋਗਦੇ ਹੋਏ 16 ਦਸੰਬਰ 2017 ਸਾਨੂੰ ਸਦਾ ਲਈ ਸਦੀਵੀ ਵਿਛੋੜਾ ਦੇ ਗਏ ਸਨ। ਉਨ੍ਹਾਂ ਦੀ **ਅੱਠਵੀਂ ਬਰਸੀ** 'ਤੇ ਪਰਿਵਾਰ ਵਲੋਂ ਮਿੱਠੀ ਯਾਦ ਵਿੱਚ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਕਰਵਾਏ ਜਾ ਰਹੇ ਹਨ ।

**ਆਪ ਜੀ ਨੂੰ ਬੇਨਤੀ ਹੈ ਕਿ ਪਰਿਵਾਰ ਸਮੇਤ ਪਹੁੰਚ ਕੇ ਅਰਦਾਸ ਵਿੱਚ ਸ਼ਾਮਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ**

--- ★ ਗੁਰਦੁਆਰਾ ਸਾਹਿਬ ਦਾ ਪਤਾ ★----

**Gurdawara Nanaksar Pleck 4 Wellington St, Walsall , WS2 9QR, West Midlands , Tel. : 01922 641040**

-- ★ ਸਤਿਗੁਰੂ ਦੇ ਭਾਣੇ ਵਿੱਚ ★--

| | | | |
|---|---|---|---|
| ਬੀਬੀ ਗੁਰਮੀਤ ਕੌਰ | (ਪਤਨੀ) | ਕੁਲਵਿੰਦਰ ਕੌਰ | (ਪੁੱਤਰੀ) |
| ਰਘਵੀਰ ਸਿੰਘ | (ਪੁੱਤਰ) | ਜਸਵਿੰਦਰ ਕੌਰ | (ਪੁੱਤਰੀ) |
| ਜਰਨੈਲ ਸਿੰਘ | (ਪੁੱਤਰ) | ਅਤੇ ਸਮੂਹ ਪਰਿਵਾਰ | |

Contact : 07830202647 (Jarnail Singh Johal), 07976210161 (Raghbir Singh)


ਆਵਾਜ਼ਿ ਕੌਮ AWAZE QAUM International Newspaper & WEB TV



ਤਿਲਕ ਜੰਞੂ ਰਾਖਾ ਪ੍ਰਭ ਤਾ ਕਾ॥ ਕੀਨੋ ਬਡੋ ਕਲੂ ਮਹਿ ਸਾਕਾ।
ਸਾਧਨ ਹੇਤਿ ਇਤੀ ਜਿਨਿ ਕਰੀ॥ ਸੀਸੁ ਦੀਆ ਪਰੁ ਸੀ ਨ ਉਚਰੀ॥

350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ







ਗੁਰਮਤਿ ਸਮਾਗਮ

GURU NANAK GURDWARA WILLENHALL 65-67 WALSAL ROAD (WV13 2RD)

30 ਨਵੰਬਰ 2025 ਦਿਨ ਐਤਵਾਰ ਨੂੰ 3 ਵਜੇ ਸ੍ਰੀ ਸਹਿਜ ਪਾਠ ਦੇ ਭੋਗ ਪੈਣ ਉਪਰੰਤ ਦੀਵਾਨ ਸਜਾਏ ਜਾਣਗੇ



ਭਾਈ ਅੰਮ੍ਰਿਤਪਾਲ ਸਿੰਘ ਢੱਪਈ
(3:30 ਵਜੇ)



ਭਾਈ ਕਮਲਜੀਤ ਸਿੰਘ ਜੀ
ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ
(4:30 ਵਜੇ)

ਰਹਿਰਾਸ ਸਾਹਿਬ ਜੀ ਦੇ ਜਾਪ 5:30 ਵਜੇ ਤੋ 6:00 ਵਜੇ ਤੱਕ ਹੋਣਗੇ

ਗੁਰੂ ਕਾ ਲੰਗਰ ਅਤੁੱਟ ਵਰਤੇਗਾ




ਪੰਥ ਪ੍ਰਸਿੱਧ ਕਵੀਸ਼ਰੀ ਜਥਾ
ਜਾਗੋਵਾਲਾ ਜਥਾ
(6 ਵਜੇ)



ਭਾਈ ਜਗਤਾਰ ਸਿੰਘ ਜੀ
ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ
(7 ਵਜੇ)

ਸੇਵਾ : ਸਮੂਹ ਨੌਜਵਾਨ ਸੇਵਾਦਾਰਾਂ, ਇੰਟਰਨੈਸ਼ਨਲ ਸਟੂਡੈਂਟਸ ਵੱਲੋਂ, ਗੁਰਦੁਆਰਾ ਪ੍ਰਬੰਧਕਾਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ

ਸੰਪਰਕ :- ਭਾਈ ਸਤਨਾਮ ਸਿੰਘ ਜੀ ਸੰਘਾ 07532825588 ਭਾਈ ਸੁਖਬੀਰ ਸਿੰਘ ਜੀ 07442671204


## ਪੰਜਾਬ ਦੀ ਭੰਡ ਭਗਵੰਤ ਮਾਨ ਸਰਕਾਰ ਦਾ ਸ੍ਰੀ ਅਨੰਦਪੁਰ ਸਾਹਿਬ ਜੀ ਦੀ ਪਵਿੱਤਰ ਧਰਤੀ ਤੇ ਸ਼ਪੈਸ਼ਲ ਵਿਧਾਨ ਸੱਭਾ ਸ਼ੈਸ਼ਨ ਦੇ ਪਖੰਡ ਨੇ ਪੰਜਾਬ ਸਰਕਾਰ ਦੇ ਖਜ਼ਾਨੇ ਨੂੰ ਕੀਤਾ ਹੋਰ ਕਰਜਾਈ-ਇਕਬਾਲ ਸਿੰਘ ਤੁੰਗ



ਸਾਬਕਾ ਨਿੱਜੀ ਸਕਤਰ ਜਥੇਦਾਰ ਅਕਾਲ ਤਖਤ ਸਾਹਿਬ ਇਕਬਾਲ ਸਿੰਘ ਤੁੰਗ ਨੇ ਇਕ ਪ੍ਰੈਸ ਬਿਆਨ ਵਿੱਚ ਆਖਿਆ ਕਿ ਅੱਜ ਜੋ ਪੰਜਾਬ ਦੀ ਭੰਡ ਮਾਨ ਸਰਕਾਰ ਵੱਲੋ ਜੋ ਮਾਹਿਜ ਡ੍ਰਾਮਾ ਰਚਿਆ ਗਿਆ ਸ਼ਪੈਸ਼ਲ ਵਿਧਾਨ ਸੱਭਾ ਸ਼ੈਸ਼ਨ ਸ੍ਰੀ ਅਨੰਦਪੁਰ ਸਾਹਿਬ ਜੀ ਦੀ ਪਵਿੱਤਰ ਸ਼ਹਿਰ (ਧਰਤੀ) ਉੱਤੇ ਕੀਤਾ ਗਿਆ ਹੈ ਇਹ ਡ੍ਰਾਮਾ ਇਸ ਲਈ ਕੀਤਾ ਗਿਆ ਕਿਉ ਕੇ ਸਰਕਾਰ ਵੱਲੋ ਅਰੰਭ ਤੋ ਹੁੱਣ ਤੱਕ ਜੋ ਵਾਧੇ ਖਿਲਾਫੀਆ ਗੈਰ ਸਮਾਜਿਕ ਵਰਤਾਓ ਹੈਂਕੜਬਾਜ਼ੀ ਪੰਜਾਬ ਪੰਜਾਬੀਅਤ ਦੀਆ ਬੇਪੱਤੀਆ ਪੰਜਾਬ ਵਿੱਚ ਅਨਿਆਂਏ ਗੈਗੰਸਟਰ ਵਾਧ ਦੇ ਨਾਂ ਤੇ ਫਿਰੌਤੀਆਂ ਪੰਜਾਬੀਆ ਦੇ ਅਧਿਕਾਰਾਂ ਦੀ ਲੁੱਟ ਖਸੁੱਟ ਮਨੁੱਖੀ ਅਧਿਕਾਰ ਦਾ ਘਾਂਣ ਝੂਠੇ ਪੁਲਸ ਮੁਕਾਬਲੇ ਪੰਜਾਬੀਆ ਦੇ ਅਧਿਕਾਰਾ ਦੇ ਹੱਕ ਵਿੱਚ ਬੋਲਣ ਵਾਲਿਆ ਲਈ ,ਸਿੱਖ ਧਰਮ ਦਾ ਪ੍ਰਚਾਰ ਪ੍ਰਸਾਰ ਕਰਨ ਵਾਲਿਆ ਨੂੰ ਚੁਪ ਕਰਾਉਣ ਲਈ ,ਖਾਲਸਾ ਮਾਰਚ ਕੱਢਣ ਵਾਲਿਆ ਨੂੰ ਜਬਰਨ ਜੇਲ੍ਹਾ ਵਿੱਚ ਬੰਦ ਕਰਨ ਵਰਗੇ ਪਾਪਾਂ ਉਤੇ ਪਰਦਾ ਪਾਉਣ ਲਈ ,ਸ਼ਰਮਨਾਕ ਹਰਕਤਾ ਕਰਕੇ ਪਰਦਾ ਪਾਉਣ ਲਈ ਸ਼ਰਮਨਾਕ ਹੈਂਕੜ ਬਾਜੀਆ ਤੇ ਪਰਦਾ ਪਾਉਣ ਲਈ ਧੰਨ ਧੰਨ ਗੁਰੂ ਤੇਗ ਬਹਾਦਰ ਸਾਹਿਬ ਧਰਮ ਦੀ ਚਾਦਰ ਹੇਠ ਛਪਾਉਣ ਲਈ ਪੰਜਾਬੀਅਤ ਦੀ ਫੇਰ ਅੱਖਾ ਵਿੱਚ ਘੱਟਾ ਪਾਉਣ ਲਈ ਇਹ ਵਿਧਾਨ ਸੱਭਾ ਸ਼ੈਸ਼ਨ ਦਾ ਅਖੌਤੀ ਸਰਕਾਰ ਨੇ ਅਖੌਤੀ ਡ੍ਰਾਮਾ ਇਸ ਲਈ ਹੀ ਰਚਿਆ ਹੈ ਜੇ ਇਹ ਆਖਿਆ ਜਾਵੇ ਕਿ ਇਹ ਸ਼ਪੈਸ਼ਲ ਵਿਧਾਨ ਸੱਭਾ ਸ਼ੈਸ਼ਨ ਪੰਜਾਬੀਆ ਨੂੰ ਫੇਰ ਮੋਸ਼ਨਲ ਬਲੈਕਮੇਲ ਕਰਨ ਤੋ ਵੱਧ ਹੋਰ ਕੁੱਝ ਨਹੀ ਹੈ ਅਤੇ ਅਨੰਦਪੁਰ ਸਾਹਿਬ ਵਿੱਚ ਆਰਟੀਫਿਸ਼ਲ ਵਿਧਾਨ ਸੱਭਾ ਹਾਉਸ ਬਣਾਉਣ ਵਿੱਚ ਆਇਆ ਕਰੋੜਾ ਰੁਪਏ ਖਰਚ ਕੇ ਪੰਜਾਬ ਨੂੰ ਹੋਰ ਕਰਜਾਈ ਕਰਨਾ ਬਹੁਤ ਨਿੰਦਣਯੋਗ ਕਾਰਵਾਈ ਹੈ ਵਿਰੋਧੀ ਧਿਰ ਕਾਂਗਰਸ ਵੀ ਇਸ ਪਾਪ ਦੀ ਬਰਾਬਰ ਦੀ ਦੋਸ਼ੀ ਧਿਰ ਹੈ ਵੇਖ ਲਿਉ ਅਉਣ ਵਾਲੇ ਦਿੱਨਾ ਵਿੱਚ ਸਰਕਾਰ ਵੱਲੋ ਕੀਤੇ ਪਾਪਾਂ ਉੱਤੇ ਧਰਮ ਦੇ ਨਾਂ ਹੇਠ ਪਰਦਾ ਪਾਉਣ ਲਈ ਭਗਵੰਤ ਮਾਨ ਸਰਕਾਰ ਦੀ ਚੁਫੇਰਿਓਂ ਸਖਤ ਨਿੰਦਾ ਹਰ ਕੋਈ ਕਰੇਗਾ

ਆਵਾਜ਼ਿ ਕੌਮ AWAZE QAUM International Newspaper & WEB TV

ਇਕਬਾਲ ਸਿੰਘ ਤੁੰਗ ਨੇ ਆਖਿਆ ਕਿ ਰਹੀ ਤਿੰਨ ਸ਼ਹਿਰਾ ਨੂੰ ਪਵਿੱਤਰ ਸ਼ਹਿਰਾ ਦਾ ਦਰਜਾ ਦਿਵਾਉਣ ਲਈ ਇਹ ਫੈਸਲੇ ਚੰਡੀਗੜ੍ਹ ਤੋ ਵੀ ਹੋ ਸਕਦੇ ਸਨ ਅਤੇ ਪਵਿੱਤਰਤਾ ਲਈ ਹੱਦਬੰਦੀ ਨਹੀ ਜ਼ਿਲਾ ਬੰਦੀ ਹੁੰਦੀ ਭਾਵ ਤਿੰਨਾ ਜਿਲਿਆ ਦੇ ਪੂਰੇ ਪੂਰੇ ਸ਼ਹਿਰਾ ਨੂੰ ਪਵਿੱਤਰ ਸ਼ਹਿਰਾ ਦਾ ਦਰਜਾ ਦਿੱਤੇ ਜਾਣ ਦਾ ਐਲਾਨ ਹੋਣਾ ਚਾਹੀਦਾ ਸੀ ਜੋ ਇਕ ਖੋਟਾ ਧੇਲਾ ਵੀ ਖਰਚ ਨਹੀ ਸੀ ਹੋਣਾ ਚੰਗਾ ਹੁੰਦਾ ਜੇਕਰ ਭਗਵੰਤ ਮਾਨ ਸਰਕਾਰ ਸਮੇਤ ਮੰਤਰੀਮੰਡਲ ਦੇ 350 ਵੇਂ ਸ਼ਹੀਦੀ ਗੁਰਪੁਰਬ ਮਨਾਉਣ ਲਈ ਖੁੱਲਾ ਦਰਬਾਰ ਲਾ ਕੇ ਸਿੱਖ ਬੰਦੀ ਸਿੰਘਾ ਦੀ ਬਿਨਾ ਸ਼ਰਤ ਰਿਹਾਈਆ ਦਾ ਐਲਾਨ ਕਰਦੀ ਗੈਰ ਕਾਨੂੰਨੀ ਢੰਗ ਨਾਲ ਹੋ ਰਹੀ ਰੇਤ ਮਾਇਨਿੰਗ ਮਾਫੀਆ ਖਿਲਾਫ ਸਖਤ ਕਾਨੂੰਨ ਬਣਾਏਆ ਗਏਆ ਹੁੰਦਾ, ਯੁੱਧ ਨਸ਼ੇਆ ਵਿਰੁੱਧ ਵਰਗੇ ਝੂਠੇ ਅਖੌਤੀ ਐਲਾਨ ਨੂੰ ਕੋਈ ਅਮਲੀ ਜਾਮਾ ਪਹਿਨਾਇਆ ਜਾਦਾ, ਝੂਠੇ ਪੁਲਸ ਮੁਕਾਬਲੇ ਬੰਦ ਕਰਨ ਲਈ ਕੋਈ ਠੋਸ ਕਾਰਵਾਈ ਕਰਨ ਲਈ ਕਦਮ ਚੁੱਕਿਆ ਗਿਆ ਹੁੰਦਾ ਚੰਗਾ ਹੁੰਦਾ ਪੰਜਾਬ ਦੇ ਪੰਜਾਬੀ ਬੋਲਦੇ ਇਲਾਕੇ ਪੰਜਾਬ ਨੂੰ ਵਾਪਸ ਲਿਆਉਣ ਲਈ ਕੋਈ ਐਲਾਨ ਕੀਤਾ ਜਾਂਦਾ ਚੰਗਾ ਹੁੰਦਾ ਪੰਜਾਬ ਦੇ ਪਾਣੀਆਂ ਲਈ ਇਹ ਸ਼ੈਸ਼ਨ ਵਿੱਚ ਆਵਾਜ ਉਠਾਈ ਜਾਦੀ ਚੰਗਾ ਇਹ ਹੁੰਦਾ ਜੇ ਇਹ ਸ਼ੈਸ਼ਨ ਪੰਜਾਬ ਦੇ ਹੱਕੀ ਮੰਗਾਂ ਚੰਡੀਗੜ੍ਹ ਪੰਜਾਬ ਦਾ ਹੈ ਪੰਜਾਬ ਯੂਨੀਵਰਸਿਟੀ ਪੰਜਾਬੀਆ ਦੀ ਹੈ ਨਾਂ ਹਰਿਆਣਾ ਨਾਂ ਹਿਮਾਚਲ ਪ੍ਰਦੇਸ਼ ਦਾ ਚੰਡੀਗੜ੍ਹ ਤੇ ਪੰਜਾਬ ਯੂਨੀਵਰਸਿਟੀ ਤੇ ਕੋਈ ਹੱਕ ਹੈ ਫੇਰ ਕਹਿਣਾ ਦਰੁੱਸਤ ਸੀ ਸਪੈਸ਼ਲ ਪੰਜਾਬ ਸਰਕਾਰ ਸ਼ੈਸ਼ਨ ਪੱਰ ਇਹ ਤਾਂ ਪੰਜਾਬ ਪੰਜਾਬੀਅਤ ਨਾਲ ਫੇਰ ਇਕ ਵਾਰ ਜਿਸਤਰਾ ਇਲੈਕਸ਼ਨ ਜਿੱਤਣ ਲਈ ਮੋਸ਼ਨਲ ਬਲੈਕ ਮੇਲ ਵਾਇਦੇਆ ਵਾਂਗ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਵੇਂ ਪਵਿੱਤਰ ਸ਼ਹੀਦੀ ਯਾਦਗਾਰ ਪੁਰਬ ਦੇ ਨਾਮ ਫੇਰ ਪੰਜਾਬੀਆ ਨਾਲ ਮੋਸ਼ਨਲ ਬਲੈਕ ਮੇਲਗਾਂ ਤੋ ਬਿਨਾ ਝੂਠੇ ਲਾਰੇਆ ਤੋ ਬਿਨਾ ਹੋਰ ਕੁੱਝ ਨਹੀ

**-ਇਕਬਾਲ ਸਿੰਘ ਤੁੰਗ**

**ਇਕਬਾਲ ਸਿੰਘ ਤੁੰਗ ਸਾਬਕਾ ਨਿੱਜੀ ਸਕਤਰ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਅੰਮ੍ਰਿਤਸਰ ਸਾਹਿਬ**


ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

### ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

# ਸਾਂਝਾ ਪੰਜਾਬ


## VEG & NON-VEG INDIAN

WE CATER FOR
★★★★★






SANJHA PUNJAB
VEG & NON-VEG INDIAN
TAKE AWAY MENU




0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com

SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com

ALLERGY ADVICE !!
Please ask a member of staff if you have any food intolerance or allergies.


ਆਵਾਜ਼ ਕੌਮ
AWAZE QAUM
International Newspaper & WEB TV




# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

Dental Implants
Dental Laset
Tooth Coloured Braces
Digital IOPA x-ray
Digital OPG x-ray

**DR. KAMALJIT SAROA**
B.D.S., Dental Surgeon
Moti Nagar, Near Railway
Crossing, Maqsudan
Jalandhar-144 008

**Contact :**
**98150-83338**
**70879-59639**



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।


-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



ਸ਼ਹੀਦੀ ਦਿਹਾੜੇ 22/23 ਨਵੰਬਰ 25 ਮੰਗਲਵਾਰ 28/29/30 ਨਵੰਬਰ 2025 ਨੂੰ ਸਮਰਪਿਤ ਦੀਵਾਨ ਸਜਣਗੇ।

**ਧੰਨ ਧੰਨ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ**

ਸ਼ਨਿੱਚਰਵਾਰ 22 ਨਵੰਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ।

ਐਤਵਾਰ 23 ਨਵੰਬਰ 2025 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ ਉਪਰੰਤ 12:30 ਤੱਕ ਦੀਵਾਨ ਸੱਜਣਗੇ।

ਕੀਰਤਨੀ ਜਥਾ ਰਾਗੀ ਭਾਈ ਇੰਦਰਜੀਤ ਸਿੰਘ ਬੁੱਟਰ ਸਰਸੇ ਵਾਲੇ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਆਵਾਜ਼ਿ ਕੌਮ AWAZE QAUM International Newspaper & WEB TV

# ਧੰਨ ਧੰਨ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ

ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੀ

**350 ਸਾਲਾ ਸ਼ਹੀਦੀ ਸ਼ਤਾਬਦੀ** ਨੂੰ ਸਮਰਪਿਤ

ਧੰਨ ਧੰਨ ਸਾਹਿਬ ਸ੍ਰੀ ਤੇਗ ਬਹਾਦੁਰ ਸਾਹਿਬ ਜੀ ਦੇ

# ਗੁਰਇਤਿਹਾਸ

ਦੀ ਲੜੀਵਾਰ ਕਥਾ



## ਦਮਦਮੀ ਟਕਸਾਲ ਦੇ ਮੌਜੂਦਾ ਮੁਖੀ

## ਸੰਤ ਗਿ. ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ

## ਗੁਰਦੁਆਰਾ ਸੀਸਗੰਜ ਸਾਹਿਬ ਦਿੱਲੀ

ਹਰ ਰੋਜ ਦੁਪਹਿਰ 3 ਤੋ 4 ਵਜੇ ਤੱਕ ਕਰਣਗੇ।

**ਸੰਗਤਾਂ ਨੂੰ ਬੇਨਤੀ ਹੈ ਕਿ ਗੁਰਇਤਿਹਾਸ ਦੀ ਕਥਾ ਸ੍ਰਵਣ ਕਰਕੇ ਗੁਰੂ ਮਹਾਰਾਜ ਦੀਆਂ ਅਸੀਸਾਂ ਪ੍ਰਾਪਤ ਕਰੋ ਜੀ**

# ਧੰਨ ਧੰਨ ਸਾਹਿਬ ਸ੍ਰੀ ਗੁਰੂ ਤੇਗ ਬਹਾਦੁਰ ਸਾਹਿਬ ਜੀ ਅਤੇ ਸ਼ਹੀਦ ਭਾਈ ਮਤੀਦਾਸ ਜੀ ਭਾਈ ਦਿਆਲਾ ਜੀ, ਭਾਈ ਸਤੀ ਦਾਸ ਜੀ ਅਤੇ ਸਮੂਹ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਦੇ ਹਾਂ




## --✶ ਗੁਰੂ ਪੰਥ ਦੇ ਸੇਵਾਦਾਰ ✶--



ਮੀਡੀਆ ਇੰਚਾਰਜ ਹਲਕਾ ਮਜੀਠਾ ਰਵਿੰਦਰ ਸਿੰਘ ਕਲੇਰ

ਵਾਇਸ ਮੀਡੀਆ ਇੰਚਾਰਜ ਹਲਕਾ ਮਜੀਠਾ



### ਉਪ ਰਾਸ਼ਟਰਪਤੀ ਸੀ ਪੀ ਰਾਧਾਕ੍ਰਿਸ਼ਨਨ ਅਤੇ ਮੁੱਖ ਮੰਤਰੀ ਰੇਖਾ ਗੁਪਤਾ ਨੇ

# ਗੁਰਦੁਆਰਾ ਰਕਾਬਗੰਜ ਸਾਹਿਬ ਵਿਖੇ ਮੱਥਾ ਟੇਕਿਆ



## ਲਾਲ ਕਿਲ੍ਹੇ 'ਤੇ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੇ 350 ਵਿਦਿਆਰ-ਥੀਆਂ ਨੇ ਕੀਤਾ ਕੀਰਤਨ

ਨਵੀਂ ਦਿੱਲੀ, 24 ਨਵੰਬਰ (ਮਨਪ੍ਰੀਤ ਸਿੰਘ ਖਾਲਸਾ): ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਉਹਨਾਂ ਦੇ ਅਨਿੰਨ ਸੇਵਕਾਂ ਭਾਈ ਮਤੀ ਦਾਸ, ਭਾਈ ਸਤੀ ਦਾਸ ਤੇ ਭਾਈ ਦਿਆਲਾ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਦੇ ਮੌਕੇ 'ਤੇ ਦੇਸ਼ ਦੇ ਉਪ ਰਾਸ਼ਟਰਪਤੀ ਸ੍ਰੀ ਸੀ ਪੀ ਰਾਧਾਕ੍ਰਿਸ਼ਨਨ ਅਤੇ ਦਿੱਲੀ ਦੇ ਮੁੱਖ ਮੰਤਰੀ ਸ੍ਰੀਮਤੀ ਰੇਖਾ ਗੁਪਤਾ ਅਤੇ ਕੈਬਨਿਟ ਮੰਤਰੀ ਸਰਦਾਰ ਮਨਜਿੰਦਰ ਸਿੰਘ ਸਿਰਸਾ ਨੇ ਅੱਜ ਗੁਰਦੁਆਰਾ ਰਕਾਬਗੰਜ ਸਾਹਿਬ ਵਿਖੇ ਮੱਥਾ ਟੇਕਿਆ। ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਉਪ ਰਾਸ਼ਟਰਪਤੀ ਸ੍ਰੀ ਸੀ ਪੀ ਰਾਧਾਕ੍ਰਿਸ਼ਨਨ ਨੇ ਕਿਹਾ ਕਿ ਉਹਨਾਂ ਨੂੰ ਜੋ ਇਤਿਹਾਸਕ ਜਾਣਕਾਰੀ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਕੁਰਬਾਨੀ ਬਾਰੇ ਦਿੱਤੀ ਗਈ ਹੈ, ਉਸ ਬਾਰੇ ਉਹ ਮਹਿਸੂਸ ਕਰਦੇ ਹਨ ਕਿ ਇਸ ਮਹਾਨ ਸ਼ਹਾਦਤ ਬਾਰੇ ਕਿਤਾਬਾਂ ਪ੍ਰਕਾਸ਼ਤ ਕਰਵਾ ਕੇ ਸਾਰੀ ਦੁਨੀਆਂ ਨੂੰ ਇਸ ਬਾਰੇ ਜਾਣਕਾਰੀ ਦੇਣੀ ਚਾਹੀਦੀ ਹੈ। ਉਹਨਾਂ ਕਿਹਾ ਕਿ ਇਸ ਸ਼ਹਾਦਤ ਦੀ ਇਤਿਹਾਸ ਵਿਚ ਕੋਈ ਬਰਾਬਰੀ ਨਹੀਂ ਮਿਲਦੀ ਤੇ ਇਸ ਮਹਾਨ ਕੁਰਬਾਨੀ ਨੂੰ ਜਿੰਨਾ ਨਮਨ ਕੀਤਾ ਜਾਵੇ ਥੋੜ੍ਹਾ ਹੈ। ਇਸ ਮੌਕੇ ਮੁੱਖ ਮੰਤਰੀ ਸ੍ਰੀਮਤੀ ਰੇਖਾ ਗੁਪਤਾ ਨੇ ਕਿਹਾ ਕਿ ਉਹ ਆਪਣੇ ਆਪ ਨੂੰ ਵਡਭਾਗੀ ਸਮਝਦੇ ਹਨ ਕਿ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ 350 ਸਾਲਾ ਸ਼ਹੀਦੀ ਦਿਹਾੜਾ ਮਨਾਉਣ ਦਾ ਮੌਕਾ ਉਹਨਾਂ ਦੀ ਅਗਵਾਈ ਹੇਠ ਸਰਕਾਰ ਨੂੰ ਮਿਲਿਆ ਹੈ। ਉਹਨਾਂ ਕਿਹਾ ਕਿ ਇਹ ਇਕ ਇਤਿਹਾਸਕ ਦਿਹਾੜਾ ਹੈ ਜਿਸਨੂੰ ਮਨਾਉਣ ਵਾਸਤੇ ਉਹਨਾਂ ਦੀ ਸਰਕਾਰ ਨੇ ਆਪਣੇ ਵੱਲੋਂ ਸੰਭਵ ਹਰ ਉਪਰਾਲਾ ਕੀਤਾ ਹੈ। ਉਹਨਾਂ ਦੱਸਿਆ ਕਿ 23 ਤੋਂ 25 ਨਵੰਬਰ ਤੱਕ ਲਾਲ ਕਿਲ੍ਹੇ 'ਤੇ ਵੱਡੇ ਸਮਾਗਮ ਹੋ ਰਹੇ ਹਨ ਅਤੇ ਸਾਰੀ ਦਿੱਲੀ ਵਿਚ ਇਹਨਾਂ ਪਵਿੱਤਰ ਦਿਹਾੜਿਆਂ ਨੂੰ ਲੈ ਕੇ ਸ਼ਰਧਾ ਤੇ ਸਤਿਕਾਰ ਨਾਲ ਸਮਾਗਮ ਕੀਤੇ ਜਾ ਰਹੇ ਹਨ। ਇਸ ਮੌਕੇ ਕੈਬਨਿਟ ਮੰਤਰੀ ਸਰਦਾਰ ਮਨਜਿੰਦਰ ਸਿੰਘ ਸਿਰਸਾ ਨੇ ਕਿਹਾ ਕਿ ਅਸੀਂ ਵਡਭਾਗੇ ਹਾਂ ਕਿ ਸਾਡੀ ਜ਼ਿੰਦਗੀ ਵਿਚ ਇਹ ਦਿਹਾੜਾ ਮਨਾਉਣ ਦਾ ਮੌਕਾ ਆਇਆ ਹੈ। ਉਹਨਾਂ ਕਿਹਾ ਕਿ ਗੁਰੂ ਸਾਹਿਬ ਦੇ ਲੜ ਲੱਗ ਕੇ ਅਸੀਂ ਦੇਸ਼ ਅਤੇ ਦੁਨੀਆਂ ਦੀ ਸੇਵਾ ਕਰ ਸਕਦੇ ਹਾਂ, ਇਹ ਸੇਵਾ ਵੀ ਗੁਰੂ ਸਾਹਿਬ ਨੇ ਸਾਡੀ ਝੋਲੀ ਪਾਈ ਹੈ। ਇਸ ਦੌਰਾਨ ਲਾਲ ਕਿਲ੍ਹੇ 'ਤੇ ਚਲ ਰਹੇ ਤਿੰਨ ਰੋਜ਼ਾ ਸਮਾਗਮਾਂ ਦੌਰਾਨ ਅੱਜ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਦੇ 350 ਵਿਦਿਆਰਥੀਆਂ ਨੇ ਅੱਜ ਸਮੂਹਿਕ ਤੌਰ 'ਤੇ ਕੀਰਤਨ ਕਰ ਕੇ ਇਕ ਨਵਾਂ ਇਤਿਹਾਸ ਸਿਰਜਿਆ। ਇਹ ਵਿਦਿਆਰਥੀ ਪਿਛਲੇ ਕਈ ਦਿਨਾਂ ਤੋਂ ਸਮੂਹਿਕ ਕੀਰਤਨ ਵਾਸਤੇ ਪ੍ਰੈਕਟਿਸ ਕਰ ਰਹੇ ਸਨ। ਇਸ ਮਨਮੋਹਕ ਦ੍ਰਿਸ਼ ਨੂੰ ਹਜ਼ਾਰਾਂ ਦੀ ਗਿਣਤੀ ਵਿਚ ਸੰਗਤਾਂ ਨੇ ਆਪ ਵੇਖਿਆ ਅਤੇ ਕੀਰਤਨ ਸਵਰਣ ਕੀਤਾ। ਇਸ ਦੌਰਾਨ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਤਿੰਨ ਰੋਜ਼ਾ ਸਮਾਗਮਾਂ ਵਿਚ ਵੱਧ ਤੋਂ ਵੱਧ ਗਿਣਤੀ ਵਿਚ ਹਿੱਸਾ ਲੈਣ ਅਤੇ ਗੁਰੂ ਸਾਹਿਬ ਦਾ ਆਸ਼ੀਰਵਾਦ ਪ੍ਰਾਪਤ ਕਰਨ।

### ਦਸ਼ਮੇਸ਼ ਸਕੂਲ ਮਹਿਤਾ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ

# 350ਵਾਂ ਸ਼ਹੀਦੀ ਸ਼ਤਾਬਦੀ ਦਿਵਸ ਮਨਾਇਆ ਗਿਆ



**ਚੌਕ ਮਹਿਤਾ, 24 ਨਵੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਇਲਾਕੇ ਦੀ ਨਾਮਵਰ ਸੰਸਥਾ ਦਸ਼ਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਮਹਿਤਾ ਚੌਂਕ ਵਿਖੇ ਨੌਵੇਂ ਪਾਤਸ਼ਾਹ 'ਹਿੰਦ ਦੀ ਚਾਦਰ' ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਤੇ ਭਾਈ ਮਤੀ ਦਾਸ ਜੀ,ਭਾਈ ਸਤੀ ਦਾਸ ਜੀ,ਭਾਈ ਦਿਆਲਾ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਬਹੁਤ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਸਭ ਤੋਂ ਪਹਿਲਾਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹੀਦੀ ਨੂੰ ਸਮਰਪਿਤ ਚੱਲ ਰਹੇ ਸਹਿਜ ਪਾਠ ਦਾ ਭੋਗ ਪਾਇਆ ਗਿਆ। ਭੋਗ ਉਪਰੰਤ ਵਿਦਿਆਰਥੀਆਂ ਨੇ ਸ਼ਬਦ ਕੀਰਤਨ ਰਾਹੀਂ ਸਭ ਨੂੰ ਨਿਹਾਲ ਕੀਤਾ।ਇਸ ਤੋਂ ਇਲਾਵਾ ਹੋਰ ਸਟੇਜੀ ਗਤੀਵਿਧੀਆਂ ਜਿਵੇਂ ਕਵੀਸ਼ਰੀ, ਕਵਿਤਾ ਅਤੇ ਭਾਸ਼ਣ ਰਾਹੀਂ ਗੁਰੂ ਜੀ ਦੁਆਰਾ ਦਿੱਤੀ ਗਈ ਸ਼ਹਾਦਤ ਨੂੰ ਯਾਦ ਕੀਤਾ ਗਿਆ।ਮੈ.ਇੰਦਰਪ੍ਰੀਤ ਕੌਰ ਨੇ ਬੱਚਿਆਂ ਨੂੰ 'ਹਿੰਦ ਦੀ ਚਾਦਰ' ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਲਾਸਾਨੀ ਸ਼ਹਾਦਤ ਬਾਰੇ ਜਾਣੂ ਕਰਵਾਇਆ।ਸੰਸਥਾ ਦੇ ਚੇਅਰਮੈਨ ਸ. ਗੁਰਦੀਪ ਸਿੰਘ ਰੰਧਾਵਾ ਨੇ ਬੱਚਿਆਂ ਨੂੰ ਸੰਬੋਧਿਤ ਕਰਦੇ ਹੋਏ ਕਿਹਾ ਕਿ ਸਾਨੂੰ ਵੀ ਗੁਰੂ ਜੀ ਦੀ ਕੁਰਬਾਨੀ ਤੋਂ ਸੇਧ ਲੈਂਦੇ ਹੋਏ ਹਮੇਸ਼ਾ ਦੂਜਿਆਂ ਦੀ ਮਦਦ ਲਈ ਤਿਆਰ ਬਰ ਤਿਆਰ ਰਹਿਣਾ ਚਾਹੀਦਾ ਹੈ ਅਤੇ ਸਾਨੂੰ ਆਪਣੇ ਗੁਰੂ ਸਾਹਿਬਾਨਾਂ ਦੁਆਰਾ ਦਿੱਤੀਆਂ ਗਈਆਂ ਸ਼ਹਾਦਤਾਂ ਨੂੰ ਹਮੇਸ਼ਾ ਯਾਦ ਰੱਖਣਾ ਚਾਹੀਦਾ ਹੈ।ਇਸ ਮੌਕੇ ਸੰਸਥਾ ਦੇ ਪ੍ਰਿੰਸੀਪਲ ਮੈਡਮ ਗੁਰਬੀਰ ਕੌਰ, ਮੈ. ਰਵਿੰਦਰ ਕੌਰ,ਮੈ. ਸੁਧਾ ਸ਼ਰਮਾ,ਸਰ ਅੰਮ੍ਰਿਤਪਾਲ ਸਿੰਘ ਅਤੇ ਸਮੂਹ ਸਟਾਫ ਸਮੇਤ ਵਿਦਿਆਰਥੀ ਮੌਜੂਦ ਸਨ।

# ਜਿਲਾ ਪ੍ਰਸ਼ਾਸ਼ਨ ਦੇ ਯੋਗ ਪ੍ਰਬੰਧਾਂ ਹੇਠ ਸੰਗਤ ਨੇ ਸਹਿਜਤਾ ਨਾਲ ਨਗਰ ਕੀਰਤਨ ਕੀਤੇ ਦਰਸ਼ਨ : ਗੁਰਮੁੱਖ ਡੇਅਰੀਵਾਲ



**ਚੌਂਕ ਮਹਿਤਾ, 24 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350ਵੀਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸਜਾਏ ਮਹਾਨ ਨਗਰ ਕੀਰਤਨ ਦਾ ਜਿਲਾ ਅੰਮ੍ਰਿਤਸਰ ਦੇ ਅਧਿਕਾਰ ਖੇਤਰ ਵਿਚ ਪਹੁੰਚਣ ਮੌਕੇ ਜਿਲਾ ਪ੍ਰਸ਼ਾਸ਼ਨ ਦੇ ਵੱਲੋਂ ਗੁਰੂ ਸਾਹਿਬ ਦੇ ਸਤਿਕਾਰ 'ਚ ਕੀਤੇ ਗਏ ਸਵਾਗਤੀ ਪ੍ਰਬੰਧਾਂ, ਸ਼ੜਕੀ ਆਵਾਜਾਈ ਨੂੰ ਚਾਲੂ ਰੱਖਣ ਵਿਚ ਨਿਭਾਈ ਜਿੰਮੇਵਾਰੀ ਅਤੇ ਸੰਗਤ ਦੀ ਸੁਵਿਧਾ ਲਈ ਕੀਤੇ ਯੋਗ ਤੇ ਸੁਚਾਰੂ ਪ੍ਰਬੰਧਾਂ ਨੂੰ ਮੁੱਖ ਰੱਖਦਿਆਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਪ੍ਰਧਾਨ ਗੁਰਮੁਖ ਸਿੰਘ ਔਜਲਾ ਡੇਅਰੀਵਾਲ ਨੇ ਡਿਪਟੀ ਕਮਿਸ਼ਨਰ ਸ੍ਰੀ ਦਲਵਿੰਦਰਜੀਤ ਸਿੰਘ, ਐੱਸ.ਐੱਸ.ਪੀ. ਸੁਹੇਲ ਕਾਸਿਮ ਮੀਰ ਅਤੇ ਐੱਸ.ਪੀ. ਹੈੱਡ ਕੁਆਟਰ ਤੇਜਬੀਰ ਸਿੰਘ ਹੁੰਦਲ ਦਾ ਵਿਸ਼ੇਸ਼ ਧੰਨਵਾਦ ਕੀਤਾ। ਪ੍ਰਧਾਨ ਔਜਲਾ ਨੇ ਇਸ ਸ਼ਹੀਦੀ ਸ਼ਤਾਬਦੀ ਨੂੰ ਵੱਡੇ ਪੱਧਰ ਤੇ ਮਨਾਉਣ ਵਾਸਤੇ ਪੰਜਾਬ ਸਰਕਾਰ ਦੇ ਮੰਤਰੀ ਹਰਭਜਨ ਸਿੰਘ ਈ.ਟੀ.ਓ. ਤੇ ਮੰਤਰੀ ਲਾਲਜੀਤ ਸਿੰਘ ਭੁੱਲਰ ਦਾ ਵੀ ਧੰਨਵਾਦ ਕੀਤਾ।

## ਖਾਲਸਾ ਕਾਲਜ ਅਤੇ ਕਾਲਜੀਏਟ ਸਕੂਲ ਮਹਿਤਾ ਵਿਖੇ 'ਸ਼ਹੀਦੀ ਦਿਹਾੜੇ' ਨੂੰ ਸਮਰਪਿਤ ਵਿਸ਼ੇਸ਼ ਸਮਾਰੋਹ



**ਚੌਂਕ ਮਹਿਤਾ,24 ਨਵੰਬਰ,( ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜੀਏਟ ਸਕੂਲ ਅਤੇ ਕਾਲਜ ਮਹਿਤਾ ਵਿਖੇ ਸਿੱਖ ਕੌਮ ਦੇ ਨੌਵੇਂ ਪਾਤਸ਼ਾਹ 'ਹਿੰਦ ਦੀ ਚਾਦਰ 'ਗੁਰੂ ਤੇਗ ਬਹਾਦੁਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਸਮਰਪਿਤ ਸਮਾਗਮ ਬੜੀ ਧੂਮਧਾਮ ਅਤੇ ਸ਼ਰਧਾ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਗੁਰੂ ਸਾਹਿਬ ਦੇ ਜੀਵਨ ਬਾਰੇ ਚਾਨਣਾ ਪਾਉਂਦਿਆਂ ਗੁਰੂ ਸਾਹਿਬ ਕੋਲ ਆਏ ਕਸ਼ਮੀਰੀ ਪੰਡਿਤਾਂ ਦੀ ਪੁਕਾਰ, ਔਰੰਗਜੇਬ ਵੱਲੋਂ ਜਨੇਊ ਨਾ ਪਾਉਣ ਕਰਕੇ ਹੋ ਰਹੇ ਅੱਤਿਆਚਾਰ, ਅਤੇ ਗੁਰੂ ਜੀ ਦੇ ਸੀਸ ਭੇਟ ਕਰਨ ਦੀ ਸਾਖੀ ਨੂੰ ਕਵੀਸ਼ਰੀ, ਕਵਿਤਾਵਾਂ ਅਤੇ ਭਾਸ਼ਣਾਂ ਰਾਹੀਂ ਪੇਸ਼ ਕੀਤਾ ਗਿਆ। ਕਾਲਜ ਦੇ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ ਨੇ ਉਹਨਾਂ ਦੇ ਜੀਵਨ ਦੀਆਂ ਮੁੱਖ ਘਟਨਾਵਾਂ ਕਰਤਾਰਪੁਰ ਦੀ ਜੰਗ, ਵਸੇਬਾ ਬਾਬਾ ਬਕਾਲਾ, ਆਨੰਦਪੁਰ ਸਾਹਿਬ ਵਸਾਉਣ, ਬਾਲਕ ਗੋਬਿੰਦ ਰਾਏ ਦਾ ਆਗਮਨ, ਕਸ਼ਮੀਰੀ ਪੰਡਿਤਾਂ ਦੀ ਪੁਕਾਰ ਸੁਣਕੇ ਬਲੀਦਾਨ ਦੇਣ ਲਈ ਤਿਆਰ ਹੋਣਾ, ਗੁਰੂ ਸਾਹਿਬ ਜੀ ਦੇ ਸੀਸ ਤੇ ਸ਼ਰੀਰ ਸੰਭਾਲ ਸੰਬੰਧੀ ਵਿਚਾਰ-ਵਟਾਂਦਰਾ, ਸੀਸ ਮਾਰਗ, ਧੜ ਦਾ ਸਸਕਾਰ, ਅਤੇ ਸ਼ਹਾਦਤ ਦੇ ਪ੍ਰਭਾਵ ਅਤੇ ਨਤੀਜੇ ਆਦਿ ਦਾ ਇਤਿਹਾਸ ਸਾਂਝਾ ਕੀਤਾ। ਇਸ ਉਪਰੰਤ ਉਹਨਾਂ ਕਿਹਾ ਕਿ "ਗੁਰੂ ਤੇਗ ਬਹਾਦੁਰ ਸਾਹਿਬ ਜੀ ਦੀ ਸ਼ਹਾਦਤ ਸਾਨੂੰ ਸਿਖਾਉਂਦੀ ਹੈ ਕਿ ਸੱਚ, ਧਰਮ ਅਤੇ ਮਨੁੱਖੀ ਅਧਿਕਾਰਾਂ ਦੀ ਰੱਖਿਆ ਲਈ ਅਡਿੱਗ ਰਹਿਣਾ ਕਿੰਨਾ ਮਹੱਤਵਪੂਰਨ ਹੈ। ਵਿੱਦਿਅਕ ਅਦਾਰਿਆਂ ਦਾ ਫਰਜ਼ ਹੈ ਕਿ ਅਸੀਂ ਨੌਜਵਾਨ ਪੀੜ੍ਹੀ ਨੂੰ ਗੁਰੂ ਸਾਹਿਬ ਦੇ ਆਦਰਸ਼ਾਂ ਨਾਲ ਜੋੜੀਏ ਅਤੇ ਉਨ੍ਹਾਂ ਵਿਚ ਨਿਸ਼ਕਾਮ ਸੇਵਾ, ਹੌਂਸਲਾ ਅਤੇ ਨੈਤਿਕ ਤਾਕਤ ਪੈਦਾ ਕਰੀਏ।"ਉਨ੍ਹਾਂ ਨੇ ਵਿਦਿਆਰਥੀਆਂ ਨੂੰ ਗੁਰੂ ਸਾਹਿਬ ਦੀ ਸੋਚ ਨੂੰ ਜੀਵਨ ਵਿੱਚ ਅਪਣਾਉਣ ਲਈ ਪ੍ਰੇਰਿਤ ਕੀਤਾ। ਇਸ ਤੋਂ ਇਲਾਵਾ ਕਾਲਜ ਪ੍ਰਬੰਧਕ ਕਮੇਟੀ, ਸਟਾਫ ਅਤੇ ਵਿਦਿਆਰਥੀਆਂ ਵੱਲੋਂ ਗੁਰੂ ਸਾਹਿਬ ਦੇ ਸਿੱਖਿਆ ਅਤੇ ਸ਼ਹਾਦਤ ਨੂੰ ਨਮਨ ਕੀਤਾ ਗਿਆ।

## ਸੰਸਦ ਮੈਂਬਰ ਵਿਕਰਮ ਸਾਹਨੀ ਨੇ ਸ਼੍ਰੀ ਗੁਰੂ ਤੇਗ ਬਹਾਦਰ ਜੀ ਨੂੰ ਉਨ੍ਹਾਂ ਦੇ 350ਵੀਂ ਸ਼ਹੀਦੀ ਵਰ੍ਹੇਗੰਢ 'ਤੇ ਸ਼ਰਧਾਂਜਲੀ ਭੇਟ ਕੀਤੀ

ਨਵੀਂ ਦਿੱਲੀ 24 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):- ਬਲੀਦਾਨ ਅਤੇ ਵਿਸ਼ਵਾਸ ਦੀ ਸਦੀਵੀ ਭਾਵਨਾ ਨੂੰ ਸਮਰਪਿਤ, ਪਦਮਸ਼੍ਰੀ ਡਾ. ਵਿਕਰਮਜੀਤ ਸਿੰਘ ਸਾਹਨੀ, ਸੰਸਦ ਮੈਂਬਰ (ਰਾਜ ਸਭਾ) ਨੇ ਨੌਵੇਂ ਗੁਰੂ, ਸ਼੍ਰੀ ਗੁਰੂ ਤੇਗ ਬਹਾਦਰ ਜੀ ਨੂੰ ਉਨ੍ਹਾਂ ਦੇ 350ਵੇਂ ਸ਼ਹੀਦੀ ਪੁਰਬ ਦੇ ਸ਼ੁਭ ਮੌਕੇ 'ਤੇ, ਇੱਕ ਸ਼ਬਦ ਰਾਹੀਂ ਦਿਲੋਂ ਸ਼ਰਧਾਂਜਲੀ ਭੇਟ ਕੀਤੀ। ਇਹ ਸ਼ਬਦ, "ਜਗ ਤੇ ਕੋਈ ਨਾ ਸਾਨੀ ਦਿਸਦਾ ਸ੍ਰਿਸ਼ਟੀ ਦੀ ਚਾਦਰ ਦਾ, ਦੇਣਾ ਹਿੰਦ ਨੀ ਦੇ ਸਕਦਾ ਗੁਰੂ ਤੇਗ ਬਹਾਦਰ ਦਾ" ਇਹ ਸ਼ਬਦ ਸ਼੍ਰੀ ਗੁਰੂ ਤੇਗ ਬਹਾਦਰ ਜੀ ਪ੍ਰਤੀ ਸ਼ੁਕਰਗੁਜ਼ਾਰੀ ਅਤੇ ਯਾਦ ਦਾ ਇੱਕ ਸੰਗੀਤਕ ਪ੍ਰਗਟਾਵਾ ਸੀ, ਜਿਨ੍ਹਾਂ ਦੀ ਸਰਵਉੱਚ ਕੁਰਬਾਨੀ ਇਤਿਹਾਸ ਵਿੱਚ ਬੇਮਿਸਾਲ ਹੈ। ਇਸ ਰੂਹਾਨੀ ਪੇਸ਼ਕਾਰੀ ਰਾਹੀਂ, ਡਾ. ਸਾਹਨੀ ਨੇ ਗੁਰੂ ਤੇਗ ਬਹਾਦਰ ਜੀ ਦੇ ਸਾਹਸ, ਦਇਆ ਅਤੇ ਸੱਚ ਪ੍ਰਤੀ ਸ਼ਰਧਾ ਦੇ ਸਦੀਵੀ ਸੰਦੇਸ਼ ਨੂੰ ਉਜਾਗਰ ਕੀਤਾ। ਵਰਣਨ ਅਤੇ ਭਾਵਪੂਰਨ ਛੰਦਾਂ ਨਾਲ ਭਰਪੂਰ, ਇਹ ਰਚਨਾ ਗੁਰੂ ਜੀ ਦੀ ਪਵਿੱਤਰ ਯਾਤਰਾ ਨੂੰ ਦਰਸਾਉਂਦੀ ਹੈ, ਜੋ ਕਿ ਆਪਣੇ ਧਰਮ ਦੀ ਪਾਲਣਾ ਕਰਨ ਦੀ ਆਜ਼ਾਦੀ ਲਈ ਉਨ੍ਹਾਂ ਦੀ ਕੁਰਬਾਨੀ ਤੋਂ ਸ਼ੁਰੂ ਹੁੰਦੀ ਹੈ - ਔਰੰਗਜ਼ੇਬ ਦੇ ਜ਼ੁਲਮ ਅਤੇ ਜਬਰੀ ਧਰਮ ਪਰਿਵਰਤਨ ਦੇ ਵਿਰੁੱਧ ਉਨ੍ਹਾਂ ਦੇ ਸਟੈਂਡ ਤੋਂ ਲੈ ਕੇ ਕਸ਼ਮੀਰੀ ਪੰਡਤਾਂ ਦੀ ਰੱਖਿਆ ਕਰਨ ਦੇ ਉਨ੍ਹਾਂ ਦੇ ਸੰਕਲਪ ਤੱਕ ਅਤੇ ਅੰਤ ਵਿੱਚ, ਚਾਂਦਨੀ ਚੌਕ ਵਿੱਚ ਉਨ੍ਹਾਂ ਦੀ ਸ਼ਹਾਦਤ ਤੱਕ, ਜਿੱਥੇ ਸੱਚ ਨੇ ਜ਼ੁਲਮ ਉੱਤੇ ਜਿੱਤ ਪ੍ਰਾਪਤ ਕੀਤੀ। "ਸਿਦਕ ਦਾ ਸੂਰਜ ਚਾੜ੍ਹਿਆ, ਪਾਪ ਦੀ ਰਾਤ ਹੈ ਆਈ; ਚਾਂਦਨੀ ਚੌਕ ਚਾ ਤੋੜਿਆਂ ਗਰੂਰ ਰਾਜੇ ਨਾਦਰ ਦਾ; ਦੇਣਾ ਹਿੰਦ ਨੀ ਦੇ ਸਕਦਾ ਗੁਰੂ ਤੇਗ ਬਹਾਦਰ ਦਾ।" ਇਨ੍ਹਾਂ ਬੰਦਾਂ ਨੇ ਸੰਗਤ ਨੂੰ ਯਾਦ ਦਿਵਾਇਆ ਕਿ ਜਦੋਂ ਗੁਰੂ ਜੀ ਵਿਰੁੱਧ ਤਲਵਾਰ ਚੁੱਕੀ ਗਈ ਸੀ, ਤਾਂ ਜੀਵਨ ਖਤਮ ਨਹੀਂ ਹੋਇਆ, ਸਗੋਂ ਹਨੇਰੇ ਦਾ ਇੱਕ ਯੁੱਗ ਬ੍ਰਹਮ ਪ੍ਰਕਾਸ਼ ਵਿੱਚ ਘੁਲ ਗਿਆ। ਇਸ ਭਗਤੀ ਰਚਨਾ ਰਾਹੀਂ, ਡਾ. ਸਾਹਨੀ ਨੇ ਗੁਰੂ ਤੇਗ ਬਹਾਦਰ ਜੀ ਨੂੰ ਸ਼ਰਧਾਂਜਲੀ ਭੇਟ ਕੀਤੀ, ਉਨ੍ਹਾਂ ਦੇ ਅਮਰ ਸੰਦੇਸ਼ ਨੂੰ ਦੁਹਰਾਇਆ ਕਿ ਵਿਸ਼ਵਾਸ ਨੂੰ ਕਦੇ ਵੀ ਡਰ ਅੱਗੇ ਨਹੀਂ ਝੁਕਣਾ ਚਾਹੀਦਾ, ਅਤੇ ਸੱਚ ਦੀ ਰੌਸ਼ਨੀ ਹਮੇਸ਼ਾ ਜ਼ੁਲਮ ਉੱਤੇ ਜਿੱਤ ਪ੍ਰਾਪਤ ਕਰਦੀ ਹੈ।

### ਕੈਨੇਡੀਅਨ ਰਾਜਧਾਨੀ ਓਟਾਵਾ ਵਿੱਚ

# ਖਾਲਿਸਤਾਨ ਰੈਫਰੈਂਡਮ ਦੀ ਭਾਰੀ ਵੋਟਿੰਗ



**ਨਵੀਂ ਦਿੱਲੀ, 24 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)**:- ਕੈਨੇਡਾ ਭਰ ਅਤੇ ਕਈ ਹੋਰ ਦੇਸ਼ਾਂ ਤੋਂ ਹਜ਼ਾਰਾਂ ਸਿੱਖ ਐਤਵਾਰ ਨੂੰ ਖਾਲਿਸਤਾਨ ਰੈਫਰੈਂਡਮ ਵਿੱਚ ਹਿੱਸਾ ਲੈਣ ਲਈ ਕੈਨੇਡੀਅਨ ਰਾਜਧਾਨੀ ਓਟਾਵਾ ਵਿੱਚ ਇਕੱਠੇ ਹੋਏ, ਜੋ ਕਿ ਠੰਢ, ਮੀਂਹ ਅਤੇ ਬਰਫ਼ਬਾਰੀ ਦੇ ਬਾਵਜੂਦ ਸਿੱਖ ਡਾਇਸਪੋਰਾ ਦੇ ਸਭ ਤੋਂ ਵੱਡੇ ਲੋਕਤੰਤਰੀ ਇਕੱਠਾਂ ਵਿੱਚੋਂ ਇੱਕ ਹੈ। ਨਿਰਧਾਰਤ ਪੋਲਿੰਗ ਸਟੇਸ਼ਨਾਂ ਦੇ ਬਾਹਰ ਵੋਟਰਾਂ ਦੀਆਂ ਲੰਬੀਆਂ ਕਤਾਰਾਂ ਵੇਖੀਆਂ ਗਈਆਂ ਜਿਸ ਵਿਚ ਸਿੱਖ ਮਰਦ, ਔਰਤਾਂ ਅਤੇ ਨੌਜਵਾਨ ਵੱਡੀ ਗਿਣਤੀ ਵਿੱਚ ਨਿੱਜੀ ਵਾਹਨਾਂ ਅਤੇ ਜਨਤਕ ਆਵਾਜਾਈ ਦੀ ਵਰਤੋਂ ਕਰਕੇ ਪਹੁੰਚੇ ਸਨ ਅਤੇ ਤਕਰੀਬਨ 53 ਹਜਾਰ ਤੋਂ ਵੱਧ ਵੋਟਿੰਗ ਹੋਈ ਸੀ । ਓਟਾਵਾ ਦੀਆਂ ਗਲੀਆਂ ਖਾਲਿਸਤਾਨੀ ਝੰਡਿਆਂ ਨਾਲ ਸਜੀਆਂ ਹੋਈਆਂ ਸਨ, ਜਦੋਂ ਕਿ ਦਿਨ ਭਰ ਸ਼ਹਿਰ ਭਰ ਵਿੱਚ ਇੱਕ ਪ੍ਰਭੂਸੱਤਾ ਸੰਪੰਨ ਖਾਲਿਸਤਾਨ ਦੇ ਹੱਕ ਵਿੱਚ ਨਾਅਰੇ ਗੂੰਜਦੇ ਰਹੇ। ਵੋਟਿੰਗ ਪ੍ਰਕਿਰਿਆ ਸਵੇਰੇ 9 ਵਜੇ ਤੋਂ ਦੁਪਹਿਰ 3 ਵਜੇ ਤੱਕ ਜਾਰੀ ਰਹੀ । ਉਪਰੰਤ ਵੋਟਰਾਂ ਦੀ ਭਾਰੀ ਗਿਣਤੀ ਨੂੰ ਦੇਖਦਿਆਂ ਕੁਝ ਸਮਾਂ ਹੋਰ ਵਧਾ ਦਿੱਤਾ ਗਿਆ ਸੀ।

### ਸੰਯੁਕਤ ਰਾਸ਼ਟਰ ਨੇ ਨਹੀਂ ਐਲਾਨਿਆ ਗੈਰ-ਕਾਨੂੰਨੀ

ਰੈਫਰੈਂਡਮ ਦੇ ਪ੍ਰਬੰਧਕਾਂ ਨੇ ਦਸਿਆ ਕਿ ਜਨਮਤ ਸੰਗ੍ਰਹਿ ਨੇ ਕੇਂਦਰੀ ਸਵਾਲ 'ਤੇ ਜਨਤਾ ਦੀ ਰਾਏ ਮੰਗੀ "ਕੀ ਭਾਰਤੀ ਪੰਜਾਬ ਨੂੰ ਇੱਕ ਸੁਤੰਤਰ ਦੇਸ਼ ਬਣਨਾ ਚਾਹੀਦਾ ਹੈ ?" ਉਨ੍ਹਾਂ ਨੇ ਅੱਗੇ ਕਿਹਾ ਕਿ ਭਾਰੀ ਮਤਦਾਨ, ਭਾਈਚਾਰੇ ਦੀ ਆਪਣੇ ਲੋਕਤੰਤਰੀ ਅਧਿਕਾਰਾਂ ਪ੍ਰਤੀ ਅਟੁੱਟ ਵਚਨਬੱਧਤਾ ਨੂੰ ਦਰਸਾਉਂਦਾ ਹੈ। ਕੈਨੇਡਾ ਲਗਭਗ 8 ਲੱਖ ਸਿੱਖਾਂ ਦੀ ਮੇਜ਼ਬਾਨੀ ਕਰਦਾ ਹੈ, ਅਤੇ ਓਟਾਵਾ ਵਿੱਚ ਦੇਖੇ ਗਏ ਉਤਸ਼ਾਹ ਨੂੰ ਅਸਾਧਾਰਨ ਅਤੇ ਡੂੰਘਾ ਪ੍ਰਤੀਕਾਤਮਕ ਦੱਸਿਆ ਗਿਆ ਸੀ। ਸ਼ਾਮ ਨੂੰ, ਸਿੱਖ ਪਰਿਵਾਰ ਨਵੰਬਰ 1984 ਦੇ ਸਿੱਖ ਕਤਲੇਆਮ ਦੇ ਪੀੜਤਾਂ ਨੂੰ ਯਾਦ ਕਰਨ ਲਈ ਇੱਕ ਯਾਦਗਾਰੀ ਪ੍ਰਾਰਥਨਾ ਲਈ ਓਟਾਵਾ ਵਿੱਚ ਇਕੱਠੇ ਹੋਏ, ਜਿਸ ਵਿੱਚ ਭਾਰਤੀ ਫੌਜਾਂ ਅਤੇ ਰਾਜ ਦੀ ਹਮਾਇਤ ਪ੍ਰਾਪਤ ਭੀੜ ਦੁਆਰਾ ਤੀਹ ਹਜਾਰ ਸਿੱਖਾਂ ਦਾ ਕਤਲੇਆਮ ਕੀਤਾ ਗਿਆ ਸੀ। ਬੁਲਾਰਿਆਂ ਨੇ ਯਾਦ ਕੀਤਾ ਕਿ ਭਾਰਤ ਦੇ ਯੋਜਨਾਬੱਧ ਦਮਨ ਕਾਰਨ ਲੱਖਾਂ ਸਿੱਖਾਂ ਨੂੰ ਜ਼ਬਰਦਸਤੀ ਉਜਾੜ ਦਿੱਤਾ ਗਿਆ ਸੀ, ਜਿਸ ਵਿੱਚ ਆਪ੍ਰੇਸ਼ਨ ਬਲੂ ਸਟਾਰ ਵੀ ਸ਼ਾਮਲ ਹੈ ਜੋ ਕਿ ਭਾਰਤ ਦੇ ਲੋਕਤੰਤਰੀ ਚਿਹਰੇ 'ਤੇ ਇੱਕ ਕਾਲਾ ਧੱਬਾ ਹੈ। ਇਸ ਮੌਕੇ ਭਾਈ ਨਰਿੰਦਰ ਸਿੰਘ, ਜਲਾਵਤਨੀ ਬਾਬਾ ਸੰਤੋਖ ਸਿੰਘ ਖੇਲਾ, ਭਾਈ ਗੁਰਮੀਤ ਸਿੰਘ ਤੂਰ ਨੇ ਦਸਿਆ ਕਿ ਕਾਨੂੰਨੀ ਮਾਹੀਰਾਂ ਦਾ ਕਹਿਣਾ ਹੈ ਕਿ ਸੰਯੁਕਤ ਰਾਸ਼ਟਰ ਨੇ ਖਾਲਿਸਤਾਨ ਰੈਫਰੰਡਮ ਨੂੰ ਗੈਰ ਕਾਨੂੰਨੀ ਐਲਾਨ ਨਹੀਂ ਕੀਤਾ ਹੈ। ਕਈ ਪੱਛਮੀ ਦੇਸ਼ਾਂ ਦੀ ਅਦਾਲਤਾਂ ਨੇ ਜਲਾਵਤਨੀ ਸਿੱਖ ਆਗੂਆਂ ਦੀ ਹਵਾਲਗੀ ਲਈ ਭਾਰਤ ਦੀਆਂ ਬੇਨਤੀਆਂ ਨੂੰ ਵਾਰ-ਵਾਰ ਖਾਰਜ ਕਰ ਦਿੱਤਾ ਹੈ, ਜਿਸ ਨਾਲ ਇਹ ਸਪੱਸ਼ਟ ਹੋ ਗਿਆ ਹੈ ਕਿ ਸਿੱਖ ਭਾਈਚਾਰੇ ਦਾ ਅੰਦੋਲਨ ਅੰਤਰਰਾਸ਼ਟਰੀ ਕਾਨੂੰਨ ਦੇ ਆਧਾਰ 'ਤੇ ਇੱਕ ਸ਼ਾਂਤਮਈ, ਲੋਕਤੰਤਰੀ ਮੁਹਿੰਮ ਬਣਿਆ ਹੋਇਆ ਹੈ। ਉਨ੍ਹਾਂ ਕਿਹਾ ਓਟਾਵਾ ਤੋਂ ਸਿੱਖ ਡਾਇਸਪੋਰਾ ਦਾ ਸੁਨੇਹਾ ਸਪੱਸ਼ਟ ਸੀ ਉਹ ਸ਼ਾਂਤਮਈ ਅਤੇ ਕਾਨੂੰਨੀ ਤਰੀਕਿਆਂ ਨਾਲ ਆਪਣੇ ਹੱਕਾਂ ਦੀ ਮੰਗ ਕਰ ਰਹੇ ਹਨ, ਇਸ ਗੱਲ ਦੀ ਪੁਸ਼ਟੀ ਕਰਦੇ ਹੋਏ ਕਿ ਖਾਲਿਸਤਾਨ ਲਈ ਸੰਘਰਸ਼ ਇੱਕ ਵਿਸ਼ਵਵਿਆਪੀ ਰਾਜਨੀਤਿਕ ਲਹਿਰ ਹੈ ਜੋ ਲੱਖਾਂ ਸਿੱਖਾਂ ਦੁਆਰਾ ਨਿਆਂ, ਮਾਣ ਅਤੇ ਸਵੈ-ਨਿਰਣੇ ਲਈ ਵਚਨਬੱਧ ਹੈ। ਗੁਰੂ ਨਾਨਕ ਸਿੱਖ ਗੁਰਦੁਆਰਾ ਸਰੀ ਤੋਂ ਸਰਦਾਰ ਗੁਰਮੀਤ ਸਿੰਘ ਤੂਰ, ਨਰਿੰਦਰ ਸਿੰਘ ਰੰਧਾਵਾ, ਅਵਤਾਰ ਸਿੰਘ ਖਹਿਰਾ ਅਤੇ ਭਾਈ ਜੈਗ ਸਿੱਧੂ, ਭਾਈ ਅਜੇਪਾਲ ਸਿੰਘ, ਭਾਈ ਰਜਿੰਦਰ ਸਿੰਘ ਨੱਤ, ਦਲਜੀਤ ਸਿੰਘ, ਭਾਈ ਚਰਨਜੀਤ ਸਿੰਘ, ਸਿੱਖਸ ਫੋਰ ਜਸਟਿਸ ਤੋਂ ਅਵਤਾਰ ਸਿੰਘ ਪੰਨੂ, ਬਖਸ਼ੀਸ਼ ਸਿੰਘ ਸੰਧੂ ਇੰਦਰਜੀਤ ਸਿੰਘ ਗੋਸਲ ਭਾਈ ਮਹਿੰਦਰ ਸਿੰਘ ਭਾਈ ਵਿਕਰਮਜੀਤ ਸਿੰਘ ਬਾਬਾ ਜੈਗ ਸਿੰਘ, ਮੋਂਟਰੀਅਲ ਤੋਂ ਜਲਾਵਤਨੀ ਜਥੇਦਾਰ ਸੰਤੋਖ ਸਿੰਘ ਖੇਲਾ ਸਮੇਤ ਵਡੀ ਗਿਣਤੀ ਵਿਚ ਆਗੂਆਂ ਨੇ ਹਾਜ਼ਿਰੀ ਭਰੀ ਸੀ ।

### *ਮੇਲੇ ਵਿੱਚ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਅਤੇ ਕਸ਼ਮੀਰ ਤੋਂ ਸ਼ਿਲਪਕਾਰ ਉਤਪਾਦ ਲੈ ਕੇ ਹੋਣਗੇ ਸ਼ਾਮਲ

# ਡਿਪਟੀ ਕਮਿਸ਼ਨਰ ਰਾਹੁਲ ਚਾਬਾ ਵੱਲੋਂ ਮੇਲੇ ਦੇ ਪ੍ਰਬੰਧਾਂ ਬਾਬਤ ਮੀਟਿੰਗ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਪੰਜਾਬ ਰਾਜ ਦਿਹਾਤੀ ਆਜੀਵਕਾ ਮਿਸ਼ਨ, ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਅਤੇ ਉਦਯੋਗ ਅਤੇ ਵਣਜ ਵਿਭਾਗ, ਪੰਜਾਬ ਵੱਲੋਂ ਪੰਜਾਬ ਦੀਆਂ ਬਹਾਦਰ, ਹੁਨਰਮੰਦ ਤੇ ਸਖ਼ਤ ਮਿਹਨਤੀ ਮਹਿਲਾਵਾਂ ਲਈ ਇੱਕ ਉੱਚ ਪੱਧਰੀ ਈਵੈਂਟ, "ਪੰਜਾਬ ਸਖੀ ਸ਼ਕਤੀ ਮੇਲਾ- ਮਹਿਲਾ ਉੱਧਮੀਆਂ ਦਾ ਸਸ਼ਕਤੀਕਰਨ" ਦੇ ਰੂਪ ਵਿੱਚ 26 ਨਵੰਬਰ 2025 ਤੋਂ 30 ਨਵੰਬਰ 2025 ਤਕ, ਸਰਕਾਰੀ ਰਣਬੀਰ ਕਾਲਜ, ਸੰਗਰੂਰ ਵਿਖੇ ਕਰਵਾਇਆ ਜਾ ਰਿਹਾ ਹੈ। ਇਸ ਮੇਲੇ ਵਿੱਚ ਜਿੱਥੇ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚੋਂ ਸ਼ਿਲਪਕਾਰ ਤੇ ਸੈੱਲਫ਼ ਹੈਲਪ ਗਰੁੱਪ, ਉੱਥੇ ਕਸ਼ਮੀਰ ਤੋਂ ਵੀ ਸ਼ਿਲਪਕਾਰ ਵੀ ਆਪਣੇ ਉਤਪਾਦ ਲੈਕੇ ਸ਼ਾਮਲ ਹੋਣਗੇ, ਜਿਨ੍ਹਾਂ ਵਿੱਚ ਕਸ਼ਮੀਰ ਦੀਆਂ ਖਾਣ ਪੀਣ ਦੀਆਂ ਵਸਤਾਂ ਸਮੇਤ, ਕਪੜੇ ਅਤੇ ਫਰਨੀਚਰ ਦੀਆਂ ਸਟਾਲਾਂ ਵੀ ਸ਼ਾਮਲ ਹੋਣਗੀਆਂ। ਇਹ ਜਾਣਕਾਰੀ ਡਿਪਟੀ ਕਮਿਸ਼ਨਰ, ਸ਼੍ਰੀ ਰਾਹੁਲ ਚਾਬਾ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਇਸ ਮੇਲੇ ਦੀਆਂ ਤਿਆਰੀਆਂ ਬਾਬਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਦੀ ਸੱਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਸਾਂਝੀ ਕੀਤੀ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਹ ਇਕ ਉੱਚ ਪੱਧਰੀ ਉਪਰਾਲਾ ਹੈ, ਜਿੱਥੇ ਘਰੋਂ ਬਣੇ ਉਤਪਾਦ, ਰਵਾਇਤੀ ਕਲਾ ਅਤੇ ਆਧੁਨਿਕ ਹੈਂਡਮੇਡ ਡਿਜ਼ਾਈਨ ਅਤੇ ਬੇਮਿਸਾਲ ਕਲਾਕਾਰੀ ਖਿੱਚ ਦਾ ਕੇਂਦਰ ਹੋਵੇਗੀ। ਇਸ ਦੌਰਾਨ ਖਾਣ ਪੀਣ ਦੀਆਂ ਵਸਤਾਂ ਸਬੰਧੀ ਵਿਸ਼ੇਸ਼ ਫੂਡ ਕੋਰਟ ਬਣੇਗਾ ਅਤੇ ਰੋਜ਼ਾਨਾ ਸ਼ਾਮ ਨੂੰ 04 ਵਜੇ ਤੋਂ 08 ਵਜੇ ਤਕ ਸੱਭਿਆਚਾਰਕ ਪ੍ਰੋਗਰਾਮ ਦੀ ਪੇਸ਼ਕਾਰੀ ਹੋਇਆ ਕਰੇਗੀ। ਮੇਲੇ ਦੀ ਸ਼ੁਰੂਆਤ ਰੋਜ਼ਾਨਾ ਸਵੇਰੇ 10 ਵਜੇ ਤੋਂ ਹੋਇਆ ਕਰੇਗੀ। ਇਸ ਮੇਲੇ ਲਈ ਟਿਕਟ ਰੇਟ 10 ਰੁਪਏ ਰੱਖਿਆ ਗਿਆ ਹੈ ਤੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਲਈ ਮੇਲੇ ਵਿੱਚ ਦਾਖਲਾ ਮੁਫ਼ਤ ਹੈ। ਇਹ ਮੇਲਾ ਸਿਰਫ਼ ਖਰੀਦਾਰੀ ਤਕ ਸੀਮਤ ਨਾ ਹੋ ਕੇ ਸਗੋਂ ਮਹਿਲਾ ਸ਼ਕਤੀ, ਪੰਜਾਬੀ ਸਿਰਜਣਾਤਮਕਤਾ ਅਤੇ ਆਪਣੇ ਸਥਾਨਕ ਹੁਨਰ ਨੂੰ ਆਲਮੀ ਪੱਧਰ 'ਤੇ ਲੈ ਕੇ ਜਾਣ ਦੀ ਲਹਿਰ ਹੈ। ਇਸ ਲਈ ਸਮੂਹ ਵਿਭਾਗ ਆਪਣੀ ਜ਼ਿੰਮੇਵਾਰੀ ਪੂਰੀ ਤਨਦੇਹੀ ਨਾਲ ਨਿਭਾਉਣ। ਉਹਨਾਂ ਕਿਹਾ ਕਿ ਮੇਲੇ ਵਿੱਚ ਆਉਣ ਵਾਲੇ ਸ਼ਿਲਪਕਾਰਾਂ, ਕਲਾਕਾਰਾਂ ਸਮੇਤ ਸਾਰੇ ਲੋਕਾਂ ਲਈ ਲੋੜੀਂਦੇ ਪ੍ਰਬੰਧ ਸੁਚੱਜੇ ਢੰਗ ਨਾਲ ਕੀਤੇ ਜਾਣੇ ਯਕੀਨੀ ਬਣਾਏ ਜਾਣ। ਇਹ ਗੱਲ ਯਕੀਨੀ ਬਣਾਈ ਜਾਵੇ ਕਿ ਮੇਲੇ ਵਿੱਚ ਆਉਣ ਵਾਲੇ ਕਿਸੇ ਵੀ ਵਿਅਕਤੀ ਨੂੰ ਕਿਸੇ ਕਿਸਮ ਦੀ ਦਿੱਕਤ ਨਾ ਆਵੇ। ਡਿਪਟੀ ਕਮਿਸ਼ਨਰ ਨੇ ਪੁਲਿਸ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸੁਰੱਖਿਆ ਸਬੰਧੀ ਪੁਖਤਾ ਪ੍ਰਬੰਧ ਕੀਤੇ ਜਾਣੇ ਯਕੀਨੀ ਬਣਾਏ ਜਾਣ। ਇਸ ਦੇ ਨਾਲ ਉਹਨਾਂ ਨੇ ਵੱਖ-ਵੱਖ ਵਿਭਾਗਾਂ ਨੂੰ ਪੀਣ ਵਾਲੇ ਸਾਫ ਪਾਣੀ, ਪਖਾਨਿਆਂ, ਸਾਫ ਸਫਾਈ, ਮੈਡੀਕਲ ਟੀਮਾਂ ਦੀ ਤਾਇਨਾਤੀ ਸਮੇਤ ਸਾਰੇ ਲੋੜੀਂਦੇ ਪ੍ਰਬੰਧ ਕਰਨ ਦੀਆਂ ਹਦਾਇਤਾਂ ਦਿੱਤੀਆਂ। ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋ ਕੇ ਇਸ ਮੇਲੇ ਦਾ ਲਾਹਾ ਲਿਆ ਜਾਵੇ, ਜਿਸ ਨਾਲ ਜਿੱਥੇ ਸ਼ਿਲਪਕਾਰਾਂ ਨੂੰ ਵੱਡੇ ਪੱਧਰ ਉੱਤੇ ਲਾਭ ਹੋਵੇਗਾ ਤੇ ਉਹਨਾਂ ਦੀ ਹੌਂਸਲਾ ਅਫ਼ਜ਼ਾਈ ਹੋਵੇਗੀ, ਉੱਥੇ ਬੱਚਿਆਂ ਨੂੰ ਵੀ ਬਹੁਤ ਕੁਝ ਸਿੱਖਣ ਨੂੰ ਮਿਲੇਗਾ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ. ਸੁਖਚੈਨ ਸਿੰਘ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਰਾਈਸ ਮਿੱਲਰਾਂ ਲਈ ਇੱਕ-ਮੁਸ਼ਤ ਨਿਪਟਾਰਾ ਸਕੀਮ 2025 ਤਹਿਤ ਦਿੱਤੇ ਕੋਈ ਬਕਾਇਆ ਨਹੀਂ ਸਰਟੀਫ਼ਿਕੇਟ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਰਾਈਸ ਮਿੱਲਰਾਂ ਲਈ ਇੱਕ-ਮੁਸ਼ਤ ਨਿਪਟਾਰਾ ਸਕੀਮ 2025 ਲਾਗੂ ਕੀਤੀ ਗਈ ਹੈ, ਜਿਸ ਤਹਿਤ ਬਹੁਤ ਸਾਰੇ ਅਜਿਹੇ ਮਿੱਲਰ ਫਾਇਦਾ ਉਠਾ ਰਹੇ ਹਨ, ਜਿਨ੍ਹਾਂ ਦੇ ਕਾਨੂੰਨੀ ਜਾਂ ਸਿਵਲ ਕੇਸ ਲੰਮੇ ਸਮੇਂ ਤੋਂ ਚਲਦੇ ਆ ਰਹੇ ਸਨ। ਇਹਨਾਂ ਕੇਸਾਂ ਕਾਰਨ ਜਿੱਥੇ ਅਜਿਹੇ ਮਿਲਰਾਂ ਨੂੰ ਖੱਜਲ ਖੁਆਰੀ ਦਾ ਸਾਹਮਣਾ ਕਰਨਾ ਪੈਂਦਾ ਸੀ, ਉੱਥੇ ਹੀ ਪੰਜਾਬ ਸਰਕਾਰ ਦੀਆਂ ਖਰੀਦ ਏਜੰਸੀਆਂ ਨੂੰ ਇਹਨਾਂ ਕੇਸਾਂ ਦੀ ਪੈਰਵਾਈ ਕਰਨ ਲਈ ਆਪਣੇ ਸਰੋਤ ਵਰਤਣੇ ਪੈ ਰਹੇ ਸਨ। ਰਾਈਸ ਮਿੱਲਰਾਂ ਵਾਸਤੇ ਲਿਆਂਦੀ ਗਈ ਇਹ ਨੀਤੀ ਬਹੁਤ ਹੀ ਸਰਲ ਅਤੇ ਲਾਭਦਾਇਕ ਹੈ, ਜਿਸ ਕਾਰਨ ਇਸ ਸਕੀਮ ਵਿੱਚ ਮਿੱਲਰਾਂ ਦੀ ਸ਼ਮੂਲੀਅਤ ਕਾਫੀ ਜ਼ਿਆਦਾ ਹੈ। ਇਹ ਜਾਣਕਾਰੀ ਸਾਂਝੀ ਕਰਦਿਆਂ ਪਨਸਪ ਜ਼ਿਲ੍ਹਾ ਮੈਨੇਜਰ, ਸ਼੍ਰੀ ਗੌਰਵ ਆਹਲੂਵਾਲੀਆ ਨੇ ਦੱਸਿਆ ਕਿ ਇਸ ਸਕੀਮ ਤਹਿਤ ਮੈਸ: ਗਣੇਸ਼ ਰਾਈਸ ਮਿੱਲਜ਼, ਦਿੜ੍ਹਬਾ ਅਤੇ ਕ੍ਰਿਸ਼ਨਾ ਰਾਈਸ ਮਿੱਲਜ਼, ਸੰਗਰੂਰ, ਜ਼ਿਲ੍ਹਾ ਸੰਗਰੂਰ ਵੱਲੋਂ ਆਪਣੇ ਕੇਸਾਂ ਦਾ ਨਿਪਟਾਰਾ ਕੀਤਾ ਗਿਆ ਤੇ ਮੈਸ: ਗਣੇਸ਼ ਰਾਈਸ ਮਿੱਲਜ਼, ਦਿੜ੍ਹਬਾ ਅਤੇ ਕ੍ਰਿਸ਼ਨਾ ਰਾਈਸ ਮਿੱਲਜ਼, ਸੰਗਰੂਰ ਦੇ ਮਾਲਕਾਂ/ਹਿਸੇਦਾਰਾਂ ਨੂੰ ਕੋਈ ਬਕਾਇਆ ਨਹੀਂ ਸਰਟੀਫ਼ਿਕੇਟ ਪ੍ਰਦਾਨ ਕੀਤੇ ਗਏ। ਇਹਨਾਂ ਮਿੱਲਾਂ ਦੇ ਕੇਸ ਲਗਭਗ 30 ਸਾਲਾਂ ਤੋਂ ਲੰਬਿਤ ਸਨ। ਇਹਨਾਂ ਵੱਲੋਂ ਕੁੱਲ ਬਣਦੀ ਰਿਕਵਰੀ ਦੀ ਅਦਾਇਗੀ ਕਰ ਦਿੱਤੀ ਗਈ ਹੈ, ਜਿਹੜੀ ਕਿ ਪੰਜਾਬ ਸਰਕਾਰ ਦੇ ਖਜ਼ਾਨੇ ਵਿੱਚ ਜਮ੍ਹਾਂ ਕਰਵਾ ਦਿੱਤੀ ਜਾਵੇਗੀ। ਸ਼੍ਰੀ ਗੌਰਵ ਆਹਲੂਵਾਲੀਆ ਵੱਲੋਂ ਦੱਸਿਆ ਗਿਆ ਕਿ ਇਸ ਸਕੀਮ ਅਧੀਨ ਨਿਪਟਾਰਾ ਕਰਵਾਉਣ ਲਈ ਰਾਈਸ ਮਿੱਲਰ https://anaajkharid.in Óå¶ Anaaj Kharid ਪੋਰਟਲ ਰਾਹੀਂ ਅਪਲਾਈ ਕਰ ਸਕਦੇ ਹਨ। ਇਸ ਬਾਰੇ ਵਧੇਰੇ ਜਾਣਕਾਰੀ ਲਈ ਉਪਰੋਕਤ ਵੈਬਸਾਈਟ ਤੋਂ ਇਲਾਵਾ ਪਨਸਪ ਜ਼ਿਲ੍ਹਾ ਦਫਤਰਾਂ ਜਾ ਪਨਸਪ ਮੁੱਖ ਦਫ਼ਤਰ ਵਿੱਚ ਸਮਰਪਿਤ ਸਹਾਇਤਾ-ਡੈਸਕ ਨਾਲ ਵੀ ਸੰਪਰਕ ਕੀਤਾ ਜਾ ਸਕਦਾ ਹੈ। ਇਸ ਸਕੀਮ ਦਾ ਲਾਭ ਉਠਾਉਣ ਵਾਲੇ ਮਿੱਲਰ ਸ਼੍ਰੀ ਆਸ਼ੂਤੋਸ਼ ਕੁਮਾਰ ਅਤੇ ਸ਼੍ਰੀ ਨੰਦ ਕਿਸ਼ੋਰ ਵੱਲੋਂ ਆਪਣੇ ਕੇਸਾਂ ਦੇ ਨਿਪਟਾਰੇ ਉਪਰੰਤ ਖੁਸ਼ੀ ਪ੍ਰਗਟਾਉਂਦੇ ਹੋਏ ਕਿਹਾ ਗਿਆ ਕਿ ਇਹ ਸਕੀਮ ਉਹਨਾਂ ਲਈ ਕਾਫੀ ਲਾਹੇਵੰਦ ਸਿੱਧ ਹੋਈ ਹੈ। ਕੇਸ ਚੱਲਣ ਕਾਰਨ ਉਹਨਾਂ ਦਾ ਕਾਫੀ ਪੈਸਾ ਅਤੇ ਸਮਾਂ ਬਰਬਾਦ ਹੋ ਰਿਹਾ ਸੀ।

# ਪੰਨੂ ਦੀਆਂ ਹਰਕਤਾਂ ਭਾਰਤ ਵਿਰੋਧੀ ਹੀ ਨਹੀਂ, ਸਿੱਖ ਧਰਮ, ਪੰਜਾਬ ਤੇ ਪੰਜਾਬੀਅਤ ਦਾ ਵੀ ਘਾਣ: ਪ੍ਰੋ. ਸਰਚਾਂਦ ਸਿੰਘ ਖ਼ਿਆਲਾ

### ਵਿਚਾਰ ਆਪੋ-ਆਪਣਾ



**ਅੰਮ੍ਰਿਤਸਰ** : ਪੰਜਾਬ ਭਾਜਪਾ ਦੇ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖ਼ਿਆਲਾ ਨੇ ਅਮਰੀਕਾ ਅਧਾਰਿਤ "ਸਿੱਖ ਫੋਰ ਜਸਟਿਸ" ਦੇ ਬਦਨਾਮ ਕਾਰਕੁਨ ਗੁਰ ਪਤਵੰਤ ਸਿੰਘ ਪੰਨੂ ਵੱਲੋਂ ਆਈ.ਐੱਸ.ਆਈ. ਸੰਚਾਲਿਤ ਯੂ ਟਿਊਬ ਚੈਨਲ 'ਤੇ ਭਾਰਤ-ਵਿਰੋਧੀ ਉਕਸਾਵਾਂ, ਘ੍ਰਿਣਾ ਅਤੇ ਹਿੰਸਾ ਨੂੰ ਪ੍ਰੋਤਸਾਹਿਤ ਕਰਨ ਦੀ ਤਿੱਖੇ ਸ਼ਬਦਾਂ ਵਿੱਚ ਨਿੰਦਾ ਕੀਤੀ ਅਤੇ ਸਪਸ਼ਟ ਕੀਤਾ ਕਿ ਸਿੱਖ ਕੌਮ ਕਿਸੇ ਵੀ ਵਿਦੇਸ਼ੀ ਏਜੰਸੀ ਵੱਲੋਂ ਚਲਾਏ ਜਾ ਰਹੇ ਕਾਲਪਨਿਕ ਖ਼ਾਲਿਸਤਾਨ ਨੈਰੇਟਿਵ ਦਾ ਹਿੱਸਾ ਨਹੀਂ। ਪ੍ਰੋ. ਖ਼ਿਆਲਾ ਨੇ ਕਿਹਾ ਕਿ ਪੰਨੂ ਵੱਲੋਂ ਵਜਾਈ ਜਾ ਰਹੀ ਪੁੰਗੀ ਖ਼ਾਸ ਕਰਕੇ "ਹਿੰਦੁਸਤਾਨ ਨੂੰ ਨਕਸ਼ੇ ਤੋਂ ਮਿਟਾਉਣ" ਅਤੇ ਪਾਕਿਸਤਾਨ ਨੂੰ "ਭਾਰਤ 'ਤੇ ਹਥਿਆਰਬੰਦ ਹਮਲੇ ਕਰਨ" ਵਰਗੇ ਸੱਦੇ ਸਿਰਫ਼ ਭਾਰਤ ਵਿਰੋਧੀ ਹੀ ਨਹੀਂ ਸਗੋਂ ਸਿੱਖ ਧਰਮ ਦੇ ਅਸੂਲਾਂ, ਗੁਰੂ ਸਾਹਿਬਾਨ ਦੀ ਬਾਣੀ ਅਤੇ ਦੇਸ਼ ਨੂੰ ਅਜ਼ਾਦੀ ਦਿਵਾਉਣ 'ਚ ਯੋਗਦਾਨ ਪਾਉਣ ਵਾਲੇ ਦੇਸ਼ ਭਗਤਾਂ ਅਤੇ ਸ਼ਹੀਦਾਂ ਦੀ ਸ਼ਹਾਦਤ ਦਾ ਸਿੱਧਾ ਅਪਮਾਨ ਵੀ ਹਨ। ਪ੍ਰੋ. ਖ਼ਿਆਲਾ ਨੇ ਪੰਨੂ ਵੱਲੋਂ 'ਪਾਕਿਸਤਾਨ ਟੀਵੀ ਡਿਜੀਟਲ' 'ਤੇ ਤਾਜ਼ਾ ਇੰਟਰਵਿਊ 'ਚ ਖ਼ਾਲਸੇ ਦੇ ਨਾਂ 'ਤੇ ਵਿਦੇਸ਼ੀ ਤਾਕਤਾਂ ਲਈ ਦਲਾਲੀ ਕਰਨ ਦਾ ਫ਼ੈਸਲਾ ਕੀਤਾ, ਉਹ ਕਿਸੇ ਵੀ ਹਾਲਤ ਵਿੱਚ ਸਿੱਖ ਕੌਮ ਦੀ ਨੁਮਾਇੰਦਗੀ ਦਾ ਦਾਅਵਾ ਨਹੀਂ ਕਰ ਸਕਦਾ। ਪੰਨੂ ਵਰਗੇ ਲੋਕ ਸਿੱਖਾਂ ਦੀ ਛਵੀ ਨੂੰ ਬਦਨਾਮ ਕਰ ਰਹੇ ਹਨ। ਇੱਕ ਸੱਚਾ ਸਿੱਖ ਹਮੇਸ਼ਾ ਦੇਸ਼ ਦੀ ਸੁਰੱਖਿਆ ਲਈ ਖੜ੍ਹਾ ਹੁੰਦਾ ਹੈ ਅਤੇ ਕਿਸੇ ਵੀ ਵਿਦੇਸ਼ੀ ਖ਼ੁਫ਼ੀਆ ਏਜੰਸੀ ਦੀ ਸਕ੍ਰਿਪਟ 'ਤੇ ਨਹੀਂ ਚੱਲਦਾ। 1947 ਤੋਂ ਲੈ ਕੇ ਅੱਜ ਤੱਕ ਸਿੱਖ ਕੌਮ ਨੇ ਭਾਰਤ ਦੀ ਰੱਖਿਆ ਲਈ ਆਪਣਾ ਲਹੂ ਵਹਾਇਆ ਹੈ। ਸੱਚੇ ਸਿੱਖਾਂ ਲਈ ਪੰਜਾਬ, ਸਿੱਖ ਕੌਮ ਅਤੇ ਭਾਰਤ ਦੀ ਏਕਤਾ ਅਤੇ ਅਖੰਡਤਾ ਸਦਾ ਸਭ ਤੋਂ ਵੱਡੀ ਪ੍ਰਾਥਮਿਕਤਾ ਹੈ। ਪ੍ਰੋ. ਖ਼ਿਆਲਾ ਨੇ ਜ਼ੋਰ ਦਿੱਤਾ ਕਿ ਪੰਨੂ ਵਰਗੇ ਲੋਕਾਂ ਦੀ ਸੋਚ ਦਾ ਸਿੱਖ ਪਰੰਪਰਾ ਜਾਂ ਸਿੱਖ ਸਿਧਾਂਤਾਂ ਨਾਲ ਕੋਈ ਸੰਬੰਧ ਤੇ ਸਰੋਕਾਰ ਨਹੀਂ। ਉਹ ਸਿੱਖ ਧਰਮ ਦੇ ਸ਼ਾਂਤੀ, ਸੇਵਾ, ਨਿਰਭਉਤਾ ਅਤੇ ਨਿਰਵੈਰਤਾ ਦੇ ਮੂਲ ਸਿਧਾਂਤਾਂ ਨੂੰ ਤੋੜ-ਮਰੋੜ ਕੇ ਪੇਸ਼ ਕਰ ਰਿਹਾ ਹੈ। ਸਿੱਖ ਧਰਮ ਸਿਖਾਉਂਦਾ ਹੈ ਕਿ ਤਲਵਾਰ ਸਿਰਫ਼ ਨਿਆਂ ਅਤੇ ਦੇਸ਼ ਦੀ ਸੇਵਾ ਲਈ ਕੱਢਣੀ ਚਾਹੀਦੀ ਹੈ, ਬੇਵਜ੍ਹਾ ਨਹੀਂ। ਇਸ ਲਈ ਪੰਨੂ ਦੀ ਪਾਕਿਸਤਾਨ-ਪੱਖੀ ਭਾਸ਼ਾ ਦਾ ਸਿੱਖ ਧਰਮ ਨਾਲ ਕੋਈ ਸਬੰਧ ਨਹੀਂ। ਉਨ੍ਹਾਂ ਨੇ ਕਿਹਾ ਕਿ ਪੰਨੂ ਦੇ ਬਿਆਨਾਂ ਨੇ ਇਹ ਸਪਸ਼ਟ ਕਰ ਦਿੱਤਾ ਹੈ ਕਿ ਉਹ ਸਿੱਖਾਂ ਦੀ ਲੜਾਈ ਨਹੀਂ, ਸਗੋਂ ਪਾਕਿਸਤਾਨ ਦੀ ਲੜਾਈ ਲੜ ਰਿਹਾ ਹੈ। ਪਾਕਿਸਤਾਨ ਦੀ ਖ਼ੁਫ਼ੀਆ ਏਜੰਸੀ ਦੁਆਰਾ ਚਲਾਏ ਜਾ ਰਹੇ ਚੈਨਲਾਂ 'ਤੇ ਬੈਠ ਕੇ ਭਾਰਤ ਵਿਰੋਧੀ ਜ਼ਿਹਰ ਫੈਲਾਉਣਾ ਇਸ ਗੱਲ ਨੂੰ ਸਾਬਤ ਕਰਦਾ ਹੈ ਕਿ ਇਹ ਕੋਈ ਲੋਕ-ਹਿਤ ਮੁਹਿੰਮ ਨਹੀਂ, ਸਗੋਂ ਇੱਕ ਵਿਦੇਸ਼ੀ ਸੈਨਾ ਦੁਆਰਾ ਚਲਾਈ ਜਾ ਰਹੀ ਭ੍ਰਮਜਾਲੀ ਰਣਨੀਤੀ ਹੈ, ਜਿਸ ਦਾ ਮਕਸਦ ਸਿੱਖਾਂ ਨੂੰ ਫਸਾਉਣਾ ਅਤੇ ਪੰਜਾਬ ਵਿੱਚ ਹਿੰਸਾ ਉਤਪੰਨ ਕਰਨਾ ਅਤੇ ਵਿਦੇਸ਼ੀ ਦਖ਼ਲਅੰਦਾਜ਼ੀ ਵਧਾਉਣਾ ਹੈ। ਪੰਜਾਬ ਦੀ ਧਰਤੀ ਸ਼ਹਾਦਤਾਂ ਨਾਲ ਮਹਿਕਦੀ ਹੈ ਪਰ ਕਦੇ ਵੀ ਕਿਸੇ ਵਿਦੇਸ਼ੀ ਏਜੰਸੀ ਦੇ ਇਸ਼ਾਰੇ 'ਤੇ ਨਹੀਂ ਨੱਚਦੀ। ਉਨ੍ਹਾਂ ਨੇ ਪਾਕਿਸਤਾਨ ਨੂੰ ਵੀ ਚੇਤਾਵਨੀ ਦਿੱਤੀ ਕਿ ਭਾਰਤ ਵਿਰੋਧੀ ਪ੍ਰਚਾਰ ਅਤੇ ਵੱਖਵਾਦ ਨੂੰ ਅੱਗੇ ਵਧਾਉਣ ਦੀ ਕੋਸ਼ਿਸ਼ ਕਦੇ ਸਫਲ ਨਹੀਂ ਹੋਵੇਗੀ। ਅੱਜ ਪੰਜਾਬ ਦਾ ਨੌਜਵਾਨ ਤਰੱਕੀ, ਸਿੱਖਿਆ ਅਤੇ ਰੋਜ਼ਗਾਰ ਦੀ ਗੱਲ ਕਰ ਰਿਹਾ ਹੈ, ਨਾ ਕਿ ISI ਦੇ ਯੁੱਧ .ਏਜੰਡੇ ਦੀ। ਪ੍ਰੋ. ਖ਼ਿਆਲਾ ਨੇ ਸਪਸ਼ਟ ਕੀਤਾ ਕਿ ਪੰਜਾਬ ਭਾਰਤ ਦਾ ਅਟੁੱਟ ਹਿੱਸਾ ਹੈ। ਸਿੱਖ ਕੌਮ ਕਿਸੇ ਵੀ ਤਰ੍ਹਾਂ ਦੀ ਵਿਦੇਸ਼ੀ ਪ੍ਰੌਕਸੀ ਲੜਾਈ ਦਾ ਹਿੱਸਾ ਨਹੀਂ ਬਣੇਗੀ। ਸਿੱਖ ਕੌਮ ਦੀ ਇੱਜ਼ਤ ਕੋਈ ਖੇਡ ਨਹੀਂ, ਜਿੱਥੇ ਪੰਨੂ ਵਰਗੇ ਲੋਕਾਂ ਦੇ ਹਰ ਬਿਆਨ ਨਾਲ ਗੁਰੂਆਂ ਦੀ ਮਰਿਆਦਾ ਨੂੰ ਨੁਕਸਾਨ ਪਹੁੰਚੇ। ਉਨ੍ਹਾਂ ਨੇ ਕਿਹਾ ਕਿ ਪੰਨੂ ਸਿੱਖ ਕੌਮ ਦਾ ਨਹੀਂ, ਸਗੋਂ ਪਾਕਿਸਤਾਨ ਦੀ ਰਣਨੀਤੀ ਦਾ ਪੋਪਟ ਹੈ, ਜੋ ਇਹ ਨਹੀਂ ਜਾਣਦਾ ਕਿ ਸਿੱਖ ਕੌਮ ਨੇ ਭਾਰਤ ਦੀ ਏਕਤਾ, ਸੁਰੱਖਿਆ ਅਤੇ ਰਾਜਨੀਤਿਕ ਅਖੰਡਤਾ ਲਈ ਬੇਮਿਸਾਲ ਸ਼ਹਾਦਤਾਂ ਦਿੱਤੀਆਂ ਹਨ। ਪ੍ਰੋ. ਖ਼ਿਆਲਾ ਨੇ ਪੰਨੂ ਦੇ ਇੰਟਰਵਿਊ ਅਤੇ ਇਸ ISI-ਫ਼ੰਡ ਕੀਤੀ ਡਿਜੀਟਲ ਪ੍ਰੌਕਸੀ ਵਾਰ ਤੋਂ ਲੋਕਾਂ ਨੂੰ ਸੁਚੇਤ ਰਹਿਣ ਲਈ ਅਪੀਲ ਕੀਤੀ। ਖ਼ਾਲਿਸਤਾਨ ਦਾ ਹਿੰਸਕ, ਪਾਕਿਸਤਾਨ-ਪ੍ਰੋਤਸਾਹਿਤ ਏਜੰਡਾ ਸਿੱਖ ਧਰਮ ਜਾਂ ਸਹੀ ਕਾਰਜ ਨਹੀਂ ਹੈ। ਪੰਜਾਬ, ਸਿੱਖ ਕੌਮ ਅਤੇ ਭਾਰਤ ਦੀ ਏਕਤਾ ਇੱਕ ਦੂਜੇ ਦੀ ਤਾਕਤ ਹਨ; ਕਿਸੇ ਨੂੰ ਵੀ ਇਸ ਨੂੰ ਤੋੜਨਾ ਮੁਮਕਿਨ ਨਹੀਂ। ਅੰਤ ਵਿੱਚ, ਪ੍ਰੋ. ਖ਼ਿਆਲਾ ਨੇ ਕੇਂਦਰ ਸਰਕਾਰ ਅਤੇ ਹੋਮ ਮਿਨਿਸਟਰੀ ਤੋਂ ਪੰਨੂ ਦੇ ਬਿਆਨਾਂ 'ਤੇ ਤੁਰੰਤ ਸਖ਼ਤ ਕਾਰਵਾਈ ਕਰਨ ਦੀ ਮੰਗ ਕੀਤੀ ਅਤੇ ਅੰਤਰਰਾਸ਼ਟਰੀ ਮੰਚ 'ਤੇ ਪੰਨੂ ਦੀਆਂ ਪ੍ਰਚਾਰਕ ਸਰਗਰਮੀਆਂ ਨੂੰ ਰੋਕਣ ਲਈ ਕਦਮ ਚੁੱਕਣ ਲਈ ਅਪੀਲ ਕੀਤੀ। ਪੰਨੂ ਪਾਕਿਸਤਾਨ ਦੇ ਇਸ਼ਾਰਿਆਂ 'ਤੇ ਬੈਠ ਕੇ 'ਸਿੱਖੀ ਦੀ ਰਾਜਨੀਤੀ' ਨਹੀਂ ਕਰ ਸਕਦਾ।





## ਸਮਾਜ ਸੁਧਾਰ

# ‘ਕਮੀ’ ਨੂੰ ’ਕਾਜ’ ਵਿੱਚ ਬਦਲਣ ਦਾ ਨਵਾਂ ਦ੍ਰਿਸ਼ਟੀਕੋਣ



**ਸਮਾਜ** ਸੁਧਾਰ ਇੱਕ ਅਜਿਹਾ ਵਿਸ਼ਾ ਹੈ, ਜਿਸ ਬਾਰੇ ਗੱਲ ਕਰਦੇ ਹੀ ਅਕਸਰ ਸਾਡੇ ਮਨ ਵਿੱਚ ਵੱਡੀਆਂ ਕ੍ਰਾਂਤੀਆਂ, ਨੀਤੀਆਂ ਅਤੇ ਸਰਕਾਰੀ ਯੋਜਨਾਵਾਂ ਦੀ ਝਲਕ ਆਉਂਦੀ ਹੈ। ਪਰ, ਸਮਾਜ ਨੂੰ ਸੁਧਾਰਨ ਦਾ ਸਭ ਤੋਂ ਪ੍ਰਭਾਵਸ਼ਾਲੀ ਤਰੀਕਾ ਕੇਵਲ ਨਿਯਮਾਂ ਜਾਂ ਨਾਅਰਿਆਂ ਵਿੱਚ ਨਹੀਂ – ਇਹ ਬਹੁਤ ਵੱਡੇ ਪੱਧਰ ’ਤੇ ਸਾਡੇ ਨਿੱਜੀ ਯੋਗਦਾਨ ਅਤੇ ਜ਼ਿੰਮੇਵਾਰ ਵਰਤਾਅ ਵਿੱਚ ਲੁਕਿਆ ਹੋਇਆ ਹੈ।

1. ਸਰਕਾਰ ਅਤੇ ਨਿਯਮ: ਕੇਵਲ ਕਾਨੂੰਨ ਨਹੀਂ, ਜਾਗਰੂਕਤਾ ਵੀ ਜ਼ਰੂਰੀ

ਸਰਕਾਰਾਂ ਦਾ ਕੰਮ ਕਾਨੂੰਨ ਬਣਾਉਣਾ ਅਤੇ ਨੀਤੀਆਂ ਤਿਆਰ ਕਰਨਾ ਹੈ। ਕਈ ਵਾਰ ਇਹ ਨਿਯਮ ਲੋਕਾਂ ਦੀ ਸੁਰੱਖਿਆ ਅਤੇ ਭਲੇ ਲਈ ਬਣਾਏ ਜਾਂਦੇ ਹਨ, ਪਰ ਉਨ੍ਹਾਂ ਬਾਰੇ ਜਨਤਾ ਵਿੱਚ ਸਮਝ ਦੀ ਘਾਟ ਰਹਿ ਜਾਂਦੀ ਹੈ। ਇਸ ਕਰਕੇ ਕਈ ਨਿਯਮ ਡਰ ਵਾਂਗ ਮਹਿਸੂਸ ਹੁੰਦੇ ਹਨ, ਨਾ ਕਿ ਸਹਿਯੋਗ ਵਾਂਗ।

ਉਦਾਹਰਨ: ਟ੍ਰੈਫ਼ਿਕ ਨਿਯਮ ਸਖ਼ਤ ਹੋਣ ਦੇ ਬਾਵਜੂਦ, ਕਈ ਲੋਕ ਹੈਲਮੇਟ ਜਾਂ ਸੀਟ ਬੈਲਟ ਜ਼ਿਆਦਾਤਰ ਉਸ ਵੇਲੇ ਯਾਦ ਕਰਦੇ ਹਨ, ਜਦੋਂ ਉਨ੍ਹਾਂ ਨੂੰ ਪੁਲਿਸ ਨਜ਼ਰ ਆਉਂਦੀ ਹੈ। ਜਦਕਿ ਇਹ ਨਿਯਮ ਸਾਡੀ ਆਪਣੀ ਸੁਰੱਖਿਆ ਨਾਲ ਸਬੰਧਿਤ ਹਨ।

ਰਚਨਾਤਮਕ ਹੱਲ: ਕਈ ਵਿਗਿਆਨਕ ਅਧਿਐਨ ਦੱਸਦੇ ਹਨ ਕਿ ਜਾਗਰੂਕਤਾ + ਸਮਝ ਨਾਲ ਆਦਤਾਂ ਲੰਮੇ ਸਮੇਂ ਤੱਕ ਬਦਲਦੀਆਂ ਹਨ।

ਇਸ ਲਈ ਇੱਕ ਸੁਝਾਅ ਇਹ ਹੋ ਸਕਦਾ ਹੈ:

ਜੁਰਮਾਨੇ ਦੇ ਨਾਲ ਜਾਂ ਉਸਦੀ ਥਾਂ, ਨਿਯਮ ਤੋੜਨ ਵਾਲੇ ਵਿਅਕਤੀ ਨੂੰ ਇੱਕ “ਲਾਜ਼ਮੀ ਜਾਗਰੂਕਤਾ ਕਲਾਸ” ਵਿੱਚ ਸ਼ਾਮਿਲ ਕਰਵਾਇਆ ਜਾਵੇ, ਜਿੱਥੇ ਉਸਨੂੰ ਨਿਯਮ ਦੀ ਪਾਲਣਾ ਦੇ ਫ਼ਾਇਦੇ ਸਮਝਾਏ ਜਾਣ।

ਇਹ ਮਾਡਲ ਕਈ ਦੇਸ਼ਾਂ ਵਿੱਚ ਸੜਕ ਸੁਰੱਖਿਆ, ਡਰੱਗ-ਅਬਿਊਜ਼ ਜਾਂ ਸਮਾਜਕ ਵਿਤਨਾਮਾ (ਉਲਝਣਾ) ਘਟਾਉਣ ਲਈ ਵਰਤਿਆ ਜਾ ਚੁੱਕਾ ਹੈ।

ਜਦ ਤੱਕ ਨਿਯਮ ਸਾਡੇ ਨਿੱਜੀ ਲਾਭ ਨਾਲ ਨਹੀਂ ਜੁੜਦਾ, ਉਹ ਇੱਕ ਬੋਝ ਵਾਂਗ ਲੱਗ ਸਕਦਾ ਹੈ।

2. ਲੋਕ: ਜ਼ਿੰਮੇਵਾਰੀ ਤੋਂ ਸਹਿਯੋਗ ਵੱਲ

ਅਸੀਂ ਅਕਸਰ ਸਮਾਜ ਵਿੱਚ ਆਉਣ ਵਾਲੀਆਂ ਸਭ ਸਮੱਸਿਆਵਾਂ ਲਈ ਵੱਡੇ ਸਿਸਟਮਾਂ ਨੂੰ ਦੋਸ਼ ਦਿੰਦੇ ਹਾਂ। ਪਰ ਹਕੀਕਤ ਵਿੱਚ ਸਮਾਜ ਹਰ ਇੱਕ ਵਿਅਕਤੀ ਦੀਆਂ ਛੋਟੀਆਂ-ਛੋਟੀਆਂ ਲਾਪ੍ਰਵਾਹੀਆਂ ਨਾਲ ਬਣਦਾ ਹੈ।

ਉਦਾਹਰਨ: ਸੜਕ ’ਤੇ ਕੂੜਾ ਪਿਆ ਹੋਣਾ ਕਦੇ-ਕਦੇ ਪ੍ਰਬੰਧਕੀ ਕਮੀ ਹੋ ਸਕਦੀ ਹੈ, ਪਰ ਅਕਸਰ ਇਹ ਨਾਗਰਿਕਾਂ ਦੀ ਲਾਪਰਵਾਹੀ ਦਾ ਨਤੀਜਾ ਹੁੰਦਾ ਹੈ। ਜੇਕਰ ਟੋਲ ’ਤੇ ਲਾਈਨ ਲੰਬੀ ਹੋਈ ਹੈ, ਤਾਂ ਕਈ ਵਾਰ ਕਾਰਣ ਇਹ ਹੁੰਦਾ ਹੈ ਕਿ ਕੁਝ ਲੋਕ ਗਲਤ ਲਾਈਨ ਤੋਂ ਅੱਗੇ ਨਿਕਲਣ ਦੀ ਕੋਸ਼ਿਸ਼ ਕਰਦੇ ਹਨ। ਇਹ ਛੋਟੀਆਂ-ਛੋਟੀਆਂ ਗਲਤੀਆਂ, ਜਦੋਂ ਬਹੁਤ ਸਾਰੇ ਲੋਕ ਕਰਦੇ ਹਨ, ਤਾਂ ਵੱਡੇ ਪੱਧਰ ਦੀ ਸਮੱਸਿਆ ਬਣ ਜਾਂਦੀ ਹੈ।

ਰਚਨਾਤਮਕ ਹੱਲ: ਅਸੀਂ ਇੱਕ ਸਧਾਰਨ ਜਿਹੀ ਜ਼ਿੰਮੇਵਾਰੀ ਲੈ ਸਕਦੇ ਹਾਂ:

“ਮੈਂ ਉਹ ਕੰਮ ਨਹੀਂ ਕਰਾਂਗਾ, ਜਿਸ ਨੂੰ ਸਭ ਲੋਕ ਕਰਨ ਲੱਗ ਪੈਣ ਤਾਂ ਸਮਾਜ ਨੂੰ ਨੁਕਸਾਨ ਹੋਵੇ।”

ਇਹ ਉਹੀ ਸਿਧਾਂਤ ਹੈ ਜੋ ਦਰਸ਼ਨਸ਼ਾਸਤ੍ਰੀ ਇਮਾਨੁਏਲ ਕਾਂਟ (Immanuel Kant) ਨੇ ਆਪਣੇ ਨੈਤਿਕ ਨਿਯਮ “Categorical Imperative” ਵਿੱਚ ਦਿੱਤਾ ਸੀ: “ਜੋ ਕੰਮ ਤੁਸੀਂ ਕਰਦੇ ਹੋ, ਸੋਚੋ ਕਿ ਕੀ ਇਹ ਨਿਯਮ ਤੁਸੀਂ ਚਾਹੋਗੇ ਕਿ ਪੂਰੀ ਦੁਨੀਆ ਮੰਨੇ ?”

ਇਹ ਵਿਚਾਰ ਸਮਾਜਕ ਜ਼ਿੰਮੇਵਾਰੀ ਨੂੰ ਨਿੱਜੀ ਫ਼ੈਸਲੇ ਨਾਲ ਜੋੜਦਾ ਹੈ।

3. ਸਮਾਜਿਕ ਸੁਧਾਰ ਦਾ ਸਧਾਰਨ ਫਾਰਮੂਲਾ: ‘ਨਿੱਜੀ ਪ੍ਰੋਜੈਕਟ ਮਾਡਲ’

ਸਮਾਜ ਸੁਧਾਰ ਨੂੰ ਇੱਕ ਵੱਡੀ ਲੜਾਈ ਵਾਂਗ ਸੋਚਣ ਦੀ ਥਾਂ, ਇਸ ਨੂੰ ਅਸੀਂ ਆਪਣੀ ਨਿੱਜੀ ਜ਼ਿੰਦਗੀ ਦੇ ਇੱਕ ਛੋਟੇ-ਜਿਹੇ, ਪਰ ਨਿਰੰਤਰ ਯਤਨ ਵਾਂਗ ਦੇਖ ਸਕਦੇ ਹਾਂ।

(1) ‘ਮੈਂ’ ਦੀ ਸ਼ਕਤੀ – ਇੱਕ ਕਮੀ ਚੁਣੋ

ਆਪਣੇ ਆਲੇ-ਦੁਆਲੇ ਤੋਂ ਸਿਰਫ਼ ਇੱਕ ਛੋਟੀ ਕਮੀ ਚੁਣੋ – ਜਿਵੇਂ ਸਫਾਈ, ਲਾਈਨ ਦੀ ਪਾਲਣਾ, ਪਾਣੀ ਦੀ ਬਚਤ, ਜਾਂ ਸ਼ਾਂਤ ਵਾਤਾਵਰਨ ਬਣਾਉਣਾ।

ਉਦਾਹਰਨ: ਜੇ ਗਲੀ ਵਿੱਚ ਕੂੜਾ ਪਿਆ ਰਹਿੰਦਾ ਹੈ – ਸਰਕਾਰ ਨੂੰ ਕੋਸਣ ਦੀ ਥਾਂ, ਇੱਕ ਮਹੀਨੇ ਲਈ ਆਪਣੇ ਘਰ ਅੱਗੇ ਵਾਲਾ ਖੇਤਰ ਖ਼ੁਦ ਸਾਫ਼ ਕਰਨਾ ਸ਼ੁਰੂ ਕਰੋ। ਜਦ ਉਹ ਜਗ੍ਹਾ ਸੁੰਦਰ ਅਤੇ ਸਾਫ਼ ਨਜ਼ਰ ਆਉਣ ਲੱਗੇਗੀ, ਤਾਂ ਲੋਕ ਵੀ ਉੱਥੇ ਕੂੜਾ ਸੁੱਟਣ ਤੋਂ ਹਿਚਕਚਾਉਣਗੇ।

(2) ਬਦਲਾਅ ਦਾ Domino-Effect

ਇਨਸਾਨ ਸੁੰਦਰਤਾ, ਮਿਹਨਤ ਅਤੇ ਸਹਿਯੋਗ ਤੋਂ ਪ੍ਰਭਾਵਿਤ ਹੁੰਦਾ ਹੈ।

ਕਈ ਵਾਰ ਇੱਕ ਵਿਅਕਤੀ ਦੀ ਚੁੱਪ-ਚਾਪ ਕੀਤੀ ਮਿਹਨਤ ਦੂਜਿਆਂ ਨੂੰ ਵੀ ਆਪਣੇ ਵਿਹਾਰ ਵਿੱਚ ਬਦਲਾਅ ਲਿਆਉਣ ਲਈ ਪ੍ਰੇਰਿਤ ਕਰਦੀ ਹੈ।

ਨਤੀਜਾ: ਅਸੀਂ ਆਪ ਸਮਾਜ ਸੁਧਾਰਕ ਬਣ ਸਕਦੇ ਹਾਂ

ਹਰ ਇੱਕ ਛੋਟੀ ਆਦਤ – ਜਿਵੇਂ ਲਾਈਨ ਵਿੱਚ ਖੜ੍ਹੇ ਰਹਿਣਾ, ਨਿਯਮਾਂ ਦੀ ਪਾਲਣਾ, ਸਫਾਈ ਰੱਖਣਾ, ਟ੍ਰੈਫ਼ਿਕ ਨਿਯਮ ਮੰਨਣਾ, ਰਿਸ਼ਵਤ ਨਾ ਦੇਣਾ – ਇਹ ਸਭ “ਸਮਾਜ ਸੁਧਾਰ” ਦੀਆਂ ਹੀ ਕ੍ਰਿਆਵਾਂ ਹਨ।

ਸਮਾਜ ਸੁਧਾਰ ਦਾ ਮਤਲਬ ਹੈ:

ਆਪਣੀ ਕਮੀ ਨੂੰ ਦੂਜਿਆਂ ਦੀ ਕਮੀ ਲਈ ਬਹਾਨਾ ਨਾ ਬਣਾਉਣਾ।

ਚਾਹੇ ਪ੍ਰਣਾਲੀ ਵਿੱਚ ਕੁਝ ਕਮਜ਼ੋਰੀਆਂ ਹੋਣ, ਪਰ ਅਸੀਂ ਆਪਣੇ ਪੱਧਰ ’ਤੇ ਜ਼ਿੰਮੇਵਾਰੀ ਨਾਲ ਕੰਮ ਕਰਕੇ ਇੱਕ ਵੱਡਾ ਸਕਾਰਾਤਮਕ ਬਦਲਾਅ ਲਿਆ ਸਕਦੇ ਹਾਂ। ਆਓ ਅੱਜ ਹੀ ਇਹ ਨਿਰਣੇ ਲਈਏ:

“ਮੈਂ ਅੱਜ ਤੋਂ ਇੱਕ ਛੋਟੀ ‘ਕਮੀ’ ਚੁਣ ਕੇ ਉਸਨੂੰ ਆਪਣੇ ‘ਨਿੱਜੀ ਸੁਧਾਰ ਕਾਜ’ ਵਿੱਚ ਬਦਲਾਂਗਾ।”

ਇਹੀ ਤਰਕਸੰਗਤ, ਕਾਰਗਰ ਅਤੇ ਸੁਰੱਖਿਅਤ ਤਰੀਕੇ ਨਾਲ ਸਮਾਜ ਸੁਧਾਰ ਦੀ ਸ਼ੁਰੂਆਤ ਹੋ ਸਕਦੀ ਹੈ।

**-ਗੁਰਦੇਵ ਸਿੰਘ ਬਠਿੰਡਾ, ਮੋਬ : 9316949649**

ਨੋਟ: ਇਸ ਲੇਖ ਦਾ ਉਦੇਸ਼ ਕਿਸੇ ਵਿਅਕਤੀ, ਸਮੂਹ ਜਾਂ ਸੰਸਥਾ ਦੀ ਨਿੰਦਾ ਕਰਨਾ ਨਹੀਂ ਹੈ। ਇਸ ਵਿੱਚ ਦਿੱਤੇ ਗਏ ਵਿਚਾਰ ਸਿਰਫ਼ ਰਚਨਾਤਮਕ ਚਰਚਾ, ਜ਼ਿੰਮੇਵਾਰ ਵਿਹਾਰ ਅਤੇ ਸਮਾਜਕ ਭਲਾਈ ਨੂੰ ਉਤਸ਼ਾਹਿਤ ਕਰਨ ਲਈ ਹਨ। ਸਾਰੇ ਉਦਾਹਰਨਾਂ ਸਿਰਫ਼ ਸਮਝਾਉਣ ਦੇ ਲਈ ਹਨ, ਨਾ ਕਿ ਕਿਸੇ ਵਿਲੱਖਣ ਸਥਿਤੀ ਜਾਂ ਵਿਅਕਤੀ ਦੀ ਨੁਮਾਇੰਦਗੀ।

# ਕੇਂਦਰ ਸਰਕਾਰ ਨੇ ਪੰਜਾਬ ਅਤੇ ਸਿੱਖ ਕੌਮ ਪ੍ਰਤੀ ਨਫਰਤ ਭਰੀ ਸੋਚ ਅਤੇ ਅਮਲਾਂ ਤੋ ਤੋਬਾ ਨਾ ਕੀਤੀ ਤਾਂ ਛੇਤੀ ਹੀ ਭਾਰਤ ਦਾ ਨਕਸ਼ਾ ਕਈ ਮੁਲਕਾਂ ਵਿਚ ਬਦਲਕੇ ਆਵੇਗਾ ਸਾਹਮਣੇ : ਮਾਨ



**ਨਵੀਂ ਦਿੱਲੀ, 24 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)**:- “ਸੈਂਟਰ ਦੇ ਮੁਤੱਸਵੀ ਹੁਕਮਰਾਨਾਂ ਸ੍ਰੀ ਮੋਦੀ ਅਤੇ ਗ੍ਰਹਿ ਵਜੀਰ ਅਮਿਤ ਸ਼ਾਹ ਦੇ ਢਿੱਡ ਵਿਚ ਪੰਜਾਬੀਆਂ, ਸਿੱਖ ਕੌਮ ਅਤੇ ਪੰਜਾਬ ਪ੍ਰਤੀ ਵੱਡੀ ਨਫਰਤ ਭਰੀ ਹੋਈ ਹੈ ਅਤੇ ਹਮੇਸ਼ਾਂ ਹੀ ਉਨ੍ਹਾਂ ਦੇ ਅਮਲ ਅਤੇ ਸੋਚ ਉਹੀ ਕੁਝ ਨਿਕਲਦਾ ਹੈ ਜੋ ਅੰਦਰ ਪਣਪ ਰਿਹਾ ਹੈ । ਜੇਕਰ ਇਨ੍ਹਾਂ ਫਿਰਕੂ ਹੁਕਮਰਾਨਾਂ ਨੇ ਆਪਣੀ ਸਾਡੇ ਸੂਬੇ ਅਤੇ ਕੌਮ ਪ੍ਰਤੀ ਨਫਰਤ ਭਰੀ ਸੋਚ ਅਤੇ ਅਮਲਾਂ ਤੋ ਤੋਬਾ ਨਾ ਕੀਤੀ ਤਾਂ ਛੇਤੀ ਹੀ ਭਾਰਤ ਦਾ ਨਕਸਾ ਕਈ ਮੁਲਕਾਂ ਵਿਚ ਬਦਲਕੇ ਸਾਹਮਣੇ ਹੋਵੇਗਾ । ਕਿਉਂਕਿ ਜਦੋ ਹੁਕਮਰਾਨਾਂ ਨੇ ਕਸਮੀਰ ਦੇ ਸੂਬੇ ਅਤੇ ਉਥੋ ਦੇ ਨਿਵਾਸੀਆ ਪ੍ਰਤੀ ਜਬਰ ਦੀ ਨੀਤੀ ਅਪਣਾਈ ਅਤੇ ਹੁਕਮਰਾਨਾਂ ਨੇ ਉਨ੍ਹਾਂ ਦੀ ਬਾਬਰੀ ਮਸਜਿਦ ਨੂੰ ਨਿਸ਼ਾਨਾਂ ਬਣਾਕੇ ਢਹਿ ਢੇਰੀ ਕੀਤਾ ਤਾਂ ਮੁਸਲਿਮ ਆਗੂਆ ਨੇ ਇਸ ਵਿਰੁੱਧ ਉਸ ਜੋਰਦਾਰ ਢੰਗ ਨਾਲ ਆਵਾਜ ਨਹੀ ਚੁੱਕੀ ਜੋ ਕਿ ਉਨ੍ਹਾਂ ਦੇ ਇਸ ਵੱਡੇ ਸਥਾਨ ਲਈ ਹੋਣੀ ਚਾਹੀਦੀ ਸੀ । ਲੇਕਿਨ ਜਦੋ ਕਸਮੀਰ ਉਤੇ ਜਬਰੀ ਕਾਲੇ ਕਾਨੂੰਨ ਥੋਪ ਕੇ ਉਥੋ ਦੀ ਖੁਦਮੁਖਤਿਆਰੀ ਨੂੰ ਕੁੱਚਲਣ ਦੇ ਅਮਲ ਕੀਤੇ ਤਾਂ ਅੱਜ ਮੁਸਲਿਮ ਕੌਮ ਨਾਲ ਸੰਬੰਧਤ ਪੜ੍ਹੇ ਲਿਖੇ ਵਿਦਵਾਨ, ਡਾਕਟਰ, ਪ੍ਰੋਫੈਸਰਜ ਵੱਲੋ ਬੰਬ ਬਣਾਉਣ ਉਤੇ ਅਮਲ ਕਰਨ ਦੀਆਂ ਕਾਰਵਾਈਆ ਵਿਚ ਮਸਰੂਫ ਹਨ । ਉਹ ਅੱਜ ਅਜਿਹੀਆ ਵਾਰਦਾਤਾਂ ਕਿਉਂ ਕਰਨ ਲੱਗ ਪਏ ਹਨ ? ਇਸਦੇ ਪਿੱਛੇ ਦੇ ਇਤਿਹਾਸਿਕ ਅਤੇ ਡੂੰਘੇ ਕਾਰਨਾਂ ਨੂੰ ਜਾਨਣ ਤੇ ਪਹਿਚਾਨਣ ਦੀ ਹੁਕਮਰਾਨਾਂ ਨੂੰ ਅੱਜ ਸਖਤ ਲੋੜ ਹੈ । ਜੇਕਰ ਹੁਕਮਰਾਨਾਂ ਨੇ ਇਸੇ ਤਰ੍ਹਾਂ ਪੰਜਾਬ, ਪੰਜਾਬੀਆਂ ਤੇ ਸਿੱਖ ਕੌਮ ਪ੍ਰਤੀ ਆਪਣੇ ਅਮਲਾਂ ਤੇ ਕਾਰਵਾਈਆ ਨੂੰ ਨਾ ਬਦਲਿਆ ਤਾਂ ਇਥੋ ਦੇ ਹਾਲਾਤਾਂ ਨੂੰ ਪਹਿਲੇ ਨਾਲੋ ਵੀ ਬਦਤਰ ਬਣਾਉਣ ਲਈ ਅਤੇ ਇਥੋ ਦੇ ਅਮਨ ਚੈਨ ਤੇ ਜਮਹੂਰੀਅਤ ਨੂੰ ਵੱਡਾ ਖਤਰਾ ਖੜ੍ਹਾ ਕਰਨ ਲਈ ਸ੍ਰੀ ਸ਼ਾਹ ਵਰਗੇ ਸਰਾਰਤੀ ਸੋਚ ਵਾਲੇ ਹੁਕਮਰਾਨ ਸਿੱਧੇ ਤੌਰ ਤੇ ਜਿੰਮੇਵਾਰ ਹੋਣਗੇ ਅਤੇ ਇਨ੍ਹਾਂ ਦੀ ਬਦਲ ਦੀ ਪ੍ਰਸਥਿਤੀ ਉਤੇ ਫਿਰ ਕਾਬੂ ਨਹੀ ਪਾ ਸਕਣਗੇ।” ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਸੈਂਟਰ ਦੇ ਹੁਕਮਰਾਨਾਂ ਵੱਲੋ ਵਾਰ-ਵਾਰ ਪੰਜਾਬ ਸੂਬੇ, ਪੰਜਾਬੀਆਂ ਤੇ ਸਿੱਖ ਕੌਮ ਨਾਲ ਆਪਣੇ ਸਵਾਰਥੀ ਹਿੱਤਾ ਦੀ ਪੂਰਤੀ ਕਰਨ ਵਾਲੇ ਅਮਲਾਂ ਨੂੰ ਪੰਜਾਬ ਵਿਚ ਤੇ ਸਿੱਖ ਕੌਮ ਤੇ ਲਾਗੂ ਕਰਨ ਦੀ ਬਦੌਲਤ ਦਿਨ-ਬ-ਦਿਨ ਇਸ ਸਰਹੱਦੀ ਸੂਬੇ ਅਤੇ ਇਥੋ ਦੇ ਨਿਵਾਸੀਆ ਦੀ ਅਣਖ-ਗੈਰਤ ਨੂੰ ਠੇਸ ਪਹੁੰਚਾਉਣ ਦੀਆਂ ਕਾਰਵਾਈਆ ਉਤੇ ਆਪਣਾ ਤਿੱਖਾ ਪ੍ਰਤੀਕਰਮ ਜਾਹਰ ਕਰਦੇ ਹੋਏ ਅਤੇ ਹੁਕਮਰਾਨਾਂ ਨੂੰ ਸਾਡੇ ਸੂਬੇ ਤੇ ਕੌਮ ਪ੍ਰਤੀ ਪਾਲੀ ਜਾ ਰਹੀ ਨਫਰਤ ਨੂੰ ਸਦਾ ਲਈ ਅਲਵਿਦਾ ਕਹਿਣ ਦੀ ਗੱਲ ਕਰਦੇ ਹੋਏ ਪ੍ਰਗਟ ਕੀਤੇ।

ਆਵਾਜ਼ਿ ਕੌਮ AWAZE QAUM International Newspaper & WEB TV

# ਪੁਖਰਾਜ ਹੈਲਥ ਕੇਅਰ ਪ੍ਰਾਈਵੇਟ ਲਿਮਿਟਡ ਅਤੇ ਭਾਰਤ ਫਾਈਨਾਂਸ਼ੀਅਲ ਇੰਕਲੂਸ਼ਨ ਲਿਮਿਟਡ ਕੰਪਨੀਆਂ ਦੇ ਪਲੇਸਮੈਂਟ ਕੈਂਪ 27 ਨੂੰ

**ਸੰਗਰੂਰ ( ਰਣਜੀਤ ਸਿੰਘ ਪੇਧਨੀ )** - ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਸੰਗਰੂਰ ਵੱਲੋਂ ਪੁਖਰਾਜ ਹੈਲਥ ਕੇਅਰ ਪ੍ਰਾਈਵੇਟ ਲਿਮਿਟਡ ਅਤੇ ਭਾਰਤ ਫਾਈਨਾਂਸ਼ੀਅਲ ਇੰਕਲੂਸ਼ਨ ਲਿਮਿਟਡ ਕੰਪਨੀਆਂ ਨਾਲ ਤਾਲਮੇਲ ਕਰਕੇ ਮਿਤੀ 27 ਨਵੰਬਰ ਦਿਨ ਵੀਰਵਾਰ ਨੂੰ ਨੌਕਰੀ ਦੇ ਚਾਹਵਾਨ ਪ੍ਰਾਰਥੀਆਂ ਲਈ ਜ਼ਿਲ੍ਹਾ ਰੋਜ਼ਗਾਰ ਉਤਪੱਤੀ ਹੁਨਰ ਵਿਕਾਸ ਅਤੇ ਸਿਖਲਾਈ ਦਫ਼ਤਰ, ਸੰਗਰੂਰ ਵਿਖੇ ਇੱਕ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਪੁਖਰਾਜ ਕੰਪਨੀ ਵੱਲੋਂ ਵੈਲਨੇਸ ਅਡਵਾਈਜਰ, ਸੀਨੀਅਰ ਵੈਲਨੇਸ ਅਡਵਾਈਜ਼ਰ ਅਤੇ ਟ੍ਰੇਨਰ (ਕੇਵਲ ਲੜਕੀਆਂ ਲਈ) ਅਤੇ ਭਾਰਤ ਫਾਈਨੈਂਸ਼ਲ ਕੰਪਨੀ ਵੱਲੋਂ ਕਸਟਮਰ ਰੇਂਟੇਸ਼ਨ ਅਫਸਰ ਟ੍ਰੇਨੀ, ਫੀਲਡ ਵਰਕ (ਕੇਵਲ ਲੜਕੇ) ਦੀ ਅਸਾਮੀਆਂ ਲਈ ਇੰਟਰਵਿਊ ਲਈ ਜਾਵੇਗੀ। ਜਿਸ ਲਈ ਪ੍ਰਾਰਥੀ ਦੀ ਵਿਦਿੱਅਕ ਯੋਗਤਾ 10ਵੀਂ, 12ਵੀਂ, ਗਰੈਜੂਏਟ ਪਾਸ ਹੋਣੀ ਚਾਹੀਦੀ ਹੈ। ਇਸ ਤੋਂ ਇਲਾਵਾ ਉਮਰ 18 ਤੋਂ 27 ਸਾਲ ਹੋਣੀ ਚਾਹੀਦੀ ਹੈ। ਚਾਹਵਾਨ ਅਤੇ ਯੋਗ ਪ੍ਰਾਰਥੀ ਰਜਿਊਮ ਅਤੇ ਵਿੱਦਿਅਕ ਯੋਗਤਾ ਦੇ ਸਰਟੀਫਿਕੇਟ ਦੀਆਂ ਫੋਟੋ ਕਾਪੀਆਂ ਲੈ ਕੇ ਇਸ ਇੰਟਰਵਿਊ ਵਿੱਚ ਭਾਗ ਲੈ ਸਕਦੇ ਹਨ। ਇੰਟਰਵਿਊ ਵਿੱਚ ਭਾਗ ਲੈਣ ਲਈ ਕੋਈ ਵੀ ਟੀ.ਏ ਅਤੇ ਡੀ.ਏ ਦੇਣ ਯੋਗ ਨਹੀਂ ਹੋਵੇਗਾ। ਵਧੇਰੇ ਜਾਣਕਾਰੀ ਲਈ ਜਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਸੰਗਰੂਰ ਵਿਖੇ ਸੰਪਰਕ ਕਰ ਸਕਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਦਿੱਲੀ ਸਰਕਾਰ ਅਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ

# ਲਾਲ ਕਿਲੇ ਦੇ ਖੁੱਲੇ ਮੈਦਾਨ ਵਿੱਚ ਧਾਰਮਿਕ ਸਮਾਗਮ ਆਯੋਜਿਤ

## 350 ਸਾਲਾ ਗੁਰਿਆਈ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਅਤੇ ਸ਼ਹੀਦੀ ਦਿਵਸ 350 ਸਾਲਾ ਸ਼੍ਰੀ ਗੁਰੂ ਤੇਗ ਬਹਾਦੁਰ ਜੀ ਮਹਾਰਾਜ ਭਾਈ ਮਤੀ ਦਾਸ ਭਾਈ ਸਤੀ ਦਾਸ ਭਾਈ ਦਿਆਲਾ ਜੀ ਦੇ ਵਿਸ਼ੇਸ਼ ਸਮਾਗਮ 'ਚ ਪਹਿਲੇ ਦਿਨ ਅਹਿਮ ਸ਼ਖਸੀਅਤਾਂ ਨੇ ਲਵਾਈ ਹਾਜ਼ਰੀ










ਦਿੱਲੀ ਸਰਕਾਰ ਅਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸੀਸਗੰਜ ਸਾਹਿਬ ਚਾਂਦਨੀ ਚੌਂਕ ਦੇ ਸਾਹਮਣੇ ਲਾਲ ਕਿਲੇ ਦੇ ਖੁੱਲੇ ਮੈਦਾਨ ਵਿੱਚ 350ਸਾਲਾ ਗੁਰਿਆਈ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਅਤੇ ਸ਼ਹੀਦੀ ਦਿਵਸ 350 ਸਾਲਾ ਸ਼੍ਰੀ ਗੁਰੂ ਤੇਗ ਬਹਾਦੁਰ ਜੀ ਮਹਾਰਾਜ ਭਾਈ ਮਤੀ ਦਾਸ ਭਾਈ ਸਤੀ ਦਾਸ ਭਾਈ ਦਿਆਲਾ ਜੀ ਦੇ ਵਿਸ਼ੇਸ਼ ਸਮਾਗਮ ਪਹਿਲੇ ਦਿਨ 23 ਨਵੰਬਰ 2025 ਦੀਆਂ ਯਾਦਗਾਰੀ ਤਸਵੀਰਾਂ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਸਿੱਖ ਸੰਗਤਾਂ ਨੂੰ ਦਸਵੇਂ ਪਾਤਸ਼ਾਹ ਜੀ ਦੇ ਗੁਰਗੱਦੀ ਪੁਰਬ ਦੀ ਵਧਾਈ ਦਿੰਦੇ ਹੋਏ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵੱਲੋਂ

# ਅੰਤਰ ਸਕੂਲ ਯੁਵਕ ਮੇਲਾ ਕਰਵਾਇਆ










**ਬਠਿੰਡਾ, 23 ਨਵੰਬਰ (ਗੁਰਜੰਟ ਸਿੰਘ ਨਥੇਹਾ)**- ਸ੍ਰਿਸ਼ਟੀ ਦੀ ਚਾਦਰ ਨੌਵੀਂ ਪਾਤਸ਼ਾਹੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲ ਸ਼ਹੀਦੀ ਵਰ੍ਹੇ ਨੂੰ ਸਮਰਪਿਤ ਗੁਰੂ ਗੋਬਿੰਦ ਸਿੰਘ ਸਰਕਲ ਸਟੱਡੀ ਬਠਿੰਡਾ ਵੱਲੋਂ ਅੰਤਰ ਸਕੂਲ ਯੁਵਕ ਮੇਲਾ ਲਿਟਲ ਫਲਾਵਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਬਠਿੰਡਾ ਵਿਖੇ ਕਰਵਾਇਆ ਗਿਆ। ਜਿਸ ਵਿਚ 30 ਵੱਖ-ਵੱਖ ਸਕੂਲਾਂ ਲਗਭਗ 300 ਵਿਦਿਆਰਥੀਆਂ ਨੇ ਭਾਗ ਲਿਆ। ਇਸ ਮੇਲੇ ਵਿੱਚ ਕਵਿਸ਼ਰੀ, ਕਵਿਤਾਵਾਂ, ਕੁਇਜ਼ ਅਤੇ ਦਸਤਾਰਾਂ ਦੇ ਮੁਕਾਬਲੇ ਕਰਵਾਏ ਗਏ।ਸਕੂਲਾਂ ਦੇ ਵਿਦਿਆਰਥੀਆਂ ਨੇ ਇਹਨਾਂ ਮੁਕਾਬਲਿਆਂ ਵਿੱਚ ਬੜੇ ਉਤਸ਼ਾਹ ਨਾਲ ਹਿੱਸਾ ਲਿਆ।ਕਵੀਸ਼ਰੀ ਮੁਕਾਬਲੇ ਵਿੱਚ ਦਮਨਜੋਤ ਕੌਰ, ਹਰਗੁਣ ਕੌਰ ਤੇ ਅਮਾਨਤ ਕੌਰ ਸ੍ਰੀ ਗੁਰੂ ਨਾਨਕ ਦੇਵ ਸਕੂਲ ਕਮਲਾ ਨਹਿਰੂ ਬਠਿੰਡਾ ਪਹਿਲੇ, ਸੰਜਮਪ੍ਰੀਤ ਕੌਰ ਤੇ ਜਸ਼ਨਦੀਪ ਕੌਰ ਸੰਤ ਕਬੀਰ ਕਾਨਵੇਂਟ ਸਕੂਲ ਭੁੱਚੋ ਦੂਜੇ, ਸੁਖਦੀਪ ਕੌਰ ਤੇ ਖੁਸ਼ਦੀਪ ਕੌਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਹਿਮਣ ਦੀਵਾਨਾ ਤੀਜੇ ਸਥਾਨ, ਕਵਿਤਾ ਦੇ ਮੁਕਾਬਲੇ ਵਿੱਚ ਜਸ਼ਨਦੀਪ ਕੌਰ ਦਸਮੇਸ਼ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਬਾਦਲ ਪਹਿਲੇ, ਮਨਦੀਪ ਸਿੰਘ ਸਰਕਾਰੀ ਹਾਈ ਸਕੂਲ ਚੁੱਘੇ ਖੁਰਦ ਦੂਜੇ, ਗੁਰਮਨ ਕੌਰ ਸੰਤ ਕਬੀਰ ਕਾਨਵੇਂਟ ਸਕੂਲ ਭੁੱਚੋ ਤੀਜੇ ਸਥਾਨ 'ਤੇ ਰਹੇ। ਕੁਇਜ਼ ਮੁਕਾਬਲੇ ਵਿਚ ਵਿਪਨਦੀਪ ਕੌਰ, ਜੈਸਮੀਨ ਕੌਰ ਦਸਮੇਸ਼ ਗਰਲਜ਼ ਸਕੂਲ ਬਾਦਲ ਨੇ ਪਹਿਲਾ, ਅਰਸ਼ਦੀਪ ਕੌਰ, ਹਰਜੋਤ ਕੌਰ ਦਸ਼ਮੇਸ਼ ਪਬਲਿਕ ਸਕੂਲ ਕੋਟਫੱਤਾ ਨੇ ਦੂਜਾ, ਜਸਮੀਨ ਕੌਰ, ਜੈਸ਼ਮੀਨ ਕੌਰ ਸ੍ਰੀ ਗੁਰੂ ਹਰਗੋਬਿੰਦ ਕਾਨਵੇਂਟ ਸਕੂਲ ਨਥਾਣਾ ਨੇ ਤੀਜਾ ਸਥਾਨ ਹਾਸਲ ਕੀਤਾ। ਦਸਤਾਰ ਮੁਕਾਬਲਾ ਲੜਕੀਆਂ ਵਿੱਚ ਪਹਿਲਾ ਸਥਾਨ ਜੈਸਮੀਨ ਕੌਰ ਦਸ਼ਮੇਸ਼ ਗਰਲਜ਼ ਸਕੂਲ ਬਾਦਲ, ਦੂਜਾ ਸਥਾਨ ਤਰਨਪ੍ਰੀਤ ਕੌਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਿਵੀਆਂ, ਤੀਜਾ ਸਥਾਨ ਰਮਨਦੀਪ ਕੌਰ ਸ੍ਰੀ ਗੁਰੂ ਹਰਗੋਬਿੰਦ ਸੀਨੀਅਰ ਸੈਕੰਡਰੀ ਸਕੂਲ ਨਥਾਣਾ ਨੇ ਪ੍ਰਾਪਤ ਕੀਤਾ। ਇਸੇ ਤਰ੍ਹਾਂ ਹੀ ਦਸਤਾਰ ਮੁਕਾਬਲਾ ਸੀਨੀਅਰ ਗਰੁੱਪ ਵਿੱਚ ਖੁਸ਼ਪ੍ਰੀਤ ਸਿੰਘ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਿਲੀ ਨਿਹਾਲ ਸਿੰਘ ਵਾਲਾ ਨੇ ਪਹਿਲਾ, ਜਸਦੀਪ ਸਿੰਘ ਗੁਰੂ ਨਾਨਕ ਦੇਵ ਪਬਲਿਕ ਸਕੂਲ ਬਠਿੰਡਾ ਨੇ ਦੂਜਾ, ਅਰਮਾਨਦੀਪ ਸਿੰਘ ਗੁਰੂ ਨਾਨਕ ਦੇਵ ਪਬਲਿਕ ਸਕੂਲ ਬਠਿੰਡਾ ਨੇ ਤੀਜਾ, ਦਸਤਾਰ ਮੁਕਾਬਲਾ ਜੂਨੀਅਰ ਗਰੁੱਪ ਵਿੱਚ ਅਮਰ ਸਿੰਘ ਸਰਕਾਰੀ ਹਾਈ ਸਕੂਲ ਚੁੱਘੇ ਖੁਰਦ ਨੇ ਪਹਿਲਾ, ਹਰਮਨਜੀਤ ਸਿੰਘ ਸੰਤ ਬਾਬਾ ਫਤਿਹ ਸਿੰਘ ਸਕੂਲ ਨੇ ਦੂਜਾ, ਅਭੇਜੀਤ ਸਿੰਘ ਗੁਰੂ ਨਾਨਕ ਦੇਵ ਪਬਲਿਕ ਸਕੂਲ ਬਠਿੰਡਾ ਨੇ ਤੀਜਾ ਸਥਾਨ ਹਾਸਿਲ ਕੀਤਾ। ਇਸ ਯੁਵਕ ਮੇਲੇ ਵਿੱਚ ਨੈਤਿਕ ਸਿੱਖਿਆ ਇਮਤਿਹਾਨ 2025 ਦੇ ਜੇਤੂ ਵਿਦਿਆਰਥੀਆਂ ਨੂੰ ਨਗਦ ਇਨਾਮ ਅਤੇ ਟਰਾਫੀਆਂ ਦੇ ਕੇ ਸਨਮਾਨਿਤ ਕੀਤਾ ਗਿਆ, ਇਸ ਤੋਂ ਇਲਾਵਾ ਲਗਭਗ 67 ਵਿਦਿਆਰਥੀਆਂ ਨੂੰ ਮੈਰਿਟ ਟਰਾਫੀਆਂ ਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਬਠਿੰਡਾ ਖੇਤਰ ਦੇ ਪ੍ਰਧਾਨ ਬਲਵੰਤ ਸਿੰਘ ਕਾਲਝਰਾਣੀ, ਸਕੱਤਰ ਡਾ. ਗੁਰਜਿੰਦਰ ਸਿੰਘ ਰੋਮਾਣਾ, ਅਧਿਆਪਕ ਵਿੰਗ ਦੇ ਇੰਚਾਰਜ ਇਕਬਾਲ ਸਿੰਘ ਕਾਉਣੀ, ਸਮਾਜਿਕ ਵਿੰਗ ਦੇ ਇੰਚਾਰਜ ਸੁਰਿੰਦਰ ਪਾਲ ਸਿੰਘ, ਰਮਨਦੀਪ ਸਿੰਘ, ਜਸਵੀਰ ਸਿੰਘ, ਊਧਮ ਸਿੰਘ, ਸ਼ਾਹਬਾਜ਼ ਸਿੰਘ, ਗੁਰਧਿਆਨ ਸਿੰਘ ਹਾਜ਼ਰ ਸਨ। ਅੰਤ ਵਿੱਚ ਸਕੂਲ ਦੇ ਚੇਅਰਮੈਨ ਸ. ਮਹਿੰਦਰ ਸਿੰਘ ਨੇ ਸਾਰੇ ਅਧਿਆਪਕ ਸਹਿਬਾਨ, ਵਿਦਿਆਰਥੀਆਂ ਅਤੇ ਸਟੱਡੀ ਸਰਕਲ ਦੀ ਟੀਮ ਦਾ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

## ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ 350 ਸਾਲਾ ਸ਼ਹੀਦੀ ਸ਼ਤਾਬਦੀ ਤੇ ਸ਼੍ਰੀ ਅਨੰਦਪੁਰ ਸਾਹਿਬ ਵਿਖੇ ਸੰਤ ਬਾਬਾ ਅਵਤਾਰ ਸਿੰਘ ਜੀ ਸੁਰਸਿੰਘ ਵਾਲਿਆਂ ਨੇ ਰਾਗੀ ਭਾਈ ਕਿਰਪਾਲ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਦੀ ਤੀਸਰੀ ਆਡੀਓ ਕੈਸਟ ਕੀਤੀ ਰਿਲੀਜ਼









**(ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)** ਨੌਵੇਂ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਭਾਈ ਮਤੀ ਦਾਸ ਭਾਈ ਸਤੀ ਦਾਸ ਭਾਈ ਦਿਆਲਾ ਜੀ ਭਾਈ ਲੱਖੀ ਸ਼ਾਹ ਵਣਜਾਰਾ 350 ਸਾਲਾ ਸ਼ਹੀਦੀ ਸ਼ਤਾਬਦੀ ਦੇਸ਼ ਵਿਦੇਸ਼ਾਂ ਵਿੱਚ ਸਮੂਹ ਸੰਗਤਾਂ ਵੱਲੋਂ ਬਹੁਤ ਵੱਡੇ ਪੱਧਰ ਤੇ ਮਨਾਈ ਜਾ ਰਹੀ ਹੈ। ਇਸੇ ਤਰ੍ਹਾਂ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਸਮੂਹ ਸ਼ਹੀਦਾਂ ਸਿੰਘਾਂ ਦੀ ਅਪਾਰ ਕਿਰਪਾ ਸਦਕਾ ਸ਼੍ਰੀ ਅਨੰਦਪੁਰ ਸਾਹਿਬ ਜੀ ਦੀ ਧਰਤੀ ਤੇ ਦਲ ਪੰਥ ਬਹਾਦਰ ਬਾਬਾ ਬਿਧੀ ਚੰਦ ਸਾਹਿਬ ਜੀ ਦੇ ਮੌਜੂਦਾ ਮੁਖੀ ਸੰਤ ਬਾਬਾ ਅਵਤਾਰ ਸਿੰਘ ਜੀ ਸੁਰ ਸਿੰਘ ਵਾਲਿਆਂ ਵੱਲੋਂ ਸ਼ਹੀਦ ਭਾਈ ਸਰਵਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਦੇ ਪੋਤਰੇ ਅਤੇ ਬਾਬਾ ਸੱਜਣ ਸਿੰਘ ਜੀ ਦੇ ਸਪੁੱਤਰ ਰਾਗੀ ਭਾਈ ਕਿਰਪਾਲ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਦੀ ਤੀਸਰੀ ਆਡੀਓ ਕੈਸਟ " ਤੇਗ ਬਹਾਦਰ ਸੀ ਕ੍ਰਿਆ "ਰਿਲੀਜ਼ ਕੀਤੀ ਗਈ। ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਪੱਤਰ ਸ਼ਹੀਦ ਭਾਈ ਸਰਵਣ ਸਿੰਘ ਜੀ ਵੱਲੋਂ ਮਹਾਂਪੁਰਖ ਸ਼੍ਰੀਮਾਨ ਸੰਤ ਬਾਬਾ ਅਵਤਾਰ ਸਿੰਘ ਜੀ ਸੁਰ ਸਿੰਘ ਵਾਲਿਆਂ ਦਾ ਧੰਨਵਾਦ ਕੀਤਾ ਅਤੇ ਸਮੂਹ ਸ਼ਹੀਦਾਂ ਸਿੰਘਾਂ ਦਾ ਸ਼ੁਕਰਾਨਾ ਕੀਤਾ ਜਿਨਾਂ ਨੇ ਤਰਸ ਕਰਕੇ ਰਾਗੀ ਭਾਈ ਕਿਰਪਾਲ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਨੂੰ ਕੀਰਤਨ ਦੀ ਦਾਤ ਬਖਸ਼ੀ ਹੈ ਗੁਰੂ ਸਾਹਿਬ ਜੀ ਦਾ ਕੋਟ ਕੋਟ ਸ਼ੁਕਰਾਨਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243